ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 25 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੦ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

ਪਿੰਡਾਂ ਵਾਲੇ ਮੰਗਣ ਲੱਗੇ 'ਆਪ' ਤੋਂ ਸਾਢੇ 4 ਸਾਲਾਂ ਦਾ ਹਿਸਾਬ

ਮੋਗਾ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੋਗਾ ਜ਼ਿਲ੍ਹੇ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੂੰ ਪਿੰਡ ਵਾਸੀਆਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ। ਨਿਹਾਲ ਸਿੰਘ ਵਾਲਾ ਹਲਕੇ ਦੇ ਪਿੰਡ 'ਡਾਲਾ' ਵਿੱਚ, ਕੁਝ ਵਸਨੀਕਾਂ ਨੇ ਉਨ੍ਹਾਂ ਤੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਦਾ ਹਿਸਾਬ ਮੰਗਿਆ। ਪਿੰਡ ਵਾਸੀਆਂ ਅਤੇ ਵਿਧਾਇਕ ਵਿਚਕਾਰ ਤਿੱਖੀ ਬਹਿਸ ਹੋਈ, ਜੋ ਕੁਝ ਦੇਰ ਤੱਕ ਚੱਲਦੀ ਰਹੀ। ਇਸ ਘਟਨਾ ਦੀ ਇੱਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿੱਚ ਪਿੰਡ ਵਾਸੀ ਵਿਧਾਇਕ ਤੋਂ ਸਵਾਲ ਪੁੱਛਦੇ ਨਜ਼ਰ ਆ ਰਹੇ ਹਨ, ਜਿਸ ਤੋਂ ਬਾਅਦ ਵਿਧਾਇਕ ਆਪਣੀ ਗੱਡੀ ਵਿੱਚ ਬੈਠ ਕੇ ਉੱਥੋਂ ਚਲੇ ਜਾਂਦੇ ਹਨ। ਫਿਲਹਾਲ, ਇਸ ਮਾਮਲੇ 'ਤੇ ਵਿਧਾਇਕ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਗਈ ਹੈ। ਵੀਡੀਓ ਅਨੁਸਾਰ, ਜਦੋਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਪਿੰਡ ਡਾਲਾ ਪਹੁੰਚੇ, ਤਾਂ ਸ਼ਥਾਨਕ ਲੋਕਾਂ ਨੇ ਉਨ੍ਹਾਂ ਨੂੰ ਘੇਰ ਲਿਆ ਅਤੇ ਤਿੱਖੇ ਸਵਾਲ ਪੁੱਛਣੇ ਸ਼ੁਰੂ ਕਰ ਦਿੱਤੇ। ਇੱਕ ਪਿੰਡ ਵਾਸੀ ਨੂੰ ਇਹ ਪੁੱਛਦੇ ਸੁਣਿਆ ਜਾ ਸਕਦਾ ਹੈ, "ਪਹਿਲਾਂ ਸਾਨੂੰ ਇਹ ਦੱਸੋ ਕਿ ਤੁਸੀਂ ਅਸਲ ਵਿੱਚ ਸਾਡੇ ਪਿੰਡ ਲਈ ਹੁਣ ਤੱਕ ਕੀ ਕੀਤਾ ਹੈ? ਤੁਸੀਂ ਪੰਜ ਸਾਲਾਂ ਤੋਂ ਵਿਧਾਇਕ ਹੋ; ਹੁਣ, ਜਦੋਂ ਸਿਰਫ਼ ਛੇ ਮਹੀਨੇ ਬਾਕੀ ਹਨ, ਤਾਂ ਤੁਸੀਂ ਆਖਰਕਾਰ ਇੱਥੇ ਆਏ ਹੋ! ਇਹ ਬਹੁਤ ਹੀ ਅਜੀਬ ਗੱਲ ਹੈ—ਤੁਹਾਡੇ ਇੱਥੇ ਪਹਿਲਾਂ ਵੀ ਸੰਪਰਕ ਰਹੇ ਹੋਣਗੇ, ਪਰ ਪਿਛਲੇ ਸਾਢੇ ਚਾਰ ਸਾਲਾਂ ਤੋਂ ਤੁਸੀਂ ਕਿੱਥੇ ਸੀ? ਤੁਸੀਂ ਇਸ ਪਿੰਡ ਲਈ ਇੱਕ ਰੁਪਿਆ ਵੀ ਨਹੀਂ ਦਿੱਤਾ।" ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਸਾਢੇ ਚਾਰ ਸਾਲਾਂ ਤੱਕ ਵਿਧਾਇਕ ਨੇ ਕਦੇ ਪਿੰਡ ਦੀ ਸਾਰ ਨਹੀਂ ਲਈ, ਅਤੇ ਨਾ ਹੀ ਲੋਕਾਂ ਦੀਆਂ ਸਮੱਸਿਆਵਾਂ ਪ੍ਰਤੀ ਕੋਈ ਚਿੰਤਾ ਦਿਖਾਈ।

ਅਕਾਲੀ ਦਲ ਤੇ ਭਾਜਪਾ ਵਿਚਾਲੇ ਗਠਜੋੜ ਦਾ ਐਲਾਨ

"ਵੱਡਾ ਭਰਾ ਹੀ ਹੋਵੇਗਾ ਮੁੱਖ ਮੰਤਰੀ"


ਨਵੀਂ ਦਿੱਲੀ/ਚੰਡੀਗੜ੍ਹ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਕਾਲੀ ਦਲ ਅਤੇ ਭਾਜਪਾ ਦਾ 6 ਸਾਲ ਬਾਅਦ ਮੁੜ ਗਠਜੋੜ ਹੋ ਗਿਆ ਹੈ। ਇਸ ਦਾ ਐਲਾਨ ਅਮਿਤ ਸ਼ਾਹ, ਨਿਤਿਨ ਨਬੀਨ ਅਤੇ ਸੁਖਬੀਰ ਬਾਦਲ ਵੱਲੋਂ ਕੀਤੀ ਗਈ ਸਾਂਝੀ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ ਗਿਆ। ਇਸ ਦੌਰਾਨ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਅਕਾਲੀ ਦਲ ਹੀ ਵੱਡੇ ਭਰਾ ਦੇ ਭੂਮਿਕਾ ਵਿੱਚ ਹੋਵੇਗਾ ਅਤੇ ਸੁਭਾਵਕ ਹੈ ਕਿ ਵੱਡਾ ਭਰਾ ਹੀ ਮੁੱਖ ਮੰਤਰੀ ਚਿਹਰੇ ਵਿਚ ਹੋਵੇਗਾ।ਅਮਿਤ ਸ਼ਾਹ ਦੇ ਇਸ ਬਿਆਨ ਤੋਂ ਬਾਅਦ ਸਾਫ ਹੋ ਗਿਆ ਹੈ ਕਿ ਸੁਖਬੀਰ ਬਾਦਲ ਹੀ ਵਿਧਾਨ ਸਭਾ ਚੋਣਾਂ ਵਿਚ ਮੁੱਖ ਮੰਤਰੀ ਚਿਹਰਾ ਹੋਣਗੇ।



ਹਾਲਾਂਕਿ ਇਸ ਦੌਰਾਨ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਕਿਹਾ ਕਿ ਸੀਟ ਸ਼ੇਅਰਿਗ ਨੂੰ ਲੈ ਕੇ ਅਜੇ ਫਾਈਨਲ ਨਹੀਂ ਹੋਇਆ ਹੈ, ਇਸ ਦਾ ਐਲਾਨ ਵੀ ਜਲਦੀ ਹੀ ਕਰ ਦਿੱਤਾ ਜਾਵੇਗਾ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਗਠਜੋੜ ਦਾ ਐਲਾਨ ਪੰਜਾਬ ਦੇ ਭਵਿੱਖ, ਅਮਨ ਅਤੇ ਖ਼ੁਸ਼ਹਾਲੀ ਲਈ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਸ ਗਠਜੋੜ ਦਾ ਹੋਣਾ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਵੀ ਹੈ। ਇਸ ਮੌਕੇ ਉਨ੍ਹਾਂ ਨੇ 'ਆਪ' ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਬਦਲਾਅ ਦੇ ਰਾਜ 'ਚ ਅੱਜ ਪੰਜਾਬ ਨਸ਼ਿਆਂ, ਗੈਂਗਸਟਰਵਾਦ, ਫਿਰੌਤੀਆਂ ਅਤੇ ਬੇਰੁਜ਼ਗਾਰੀ ਨਾਲ ਜੂਝ ਰਿਹਾ ਹੈ। ਸਾਡੀ ਪਹਿਲੀ ਤਰਜ਼ੀਹ ਅਮਨ-ਕਾਨੂੰਨ ਦੀ ਬਹਾਲੀ ਅਤੇ ਨਸ਼ੇ ਦਾ ਖ਼ਾਤਮਾ ਹੋਵੇਗੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪੰਜਾਬ 'ਚ ਹੀ ਰੁਜ਼ਗਾਰ ਦੇ ਮੌਕੇ ਦਿੱਤੇ ਜਾਣਗੇ ਅਤੇ ਮੁਲਾਜ਼ਮਾਂ ਦੇ ਹੱਕਾਂ ਅਤੇ ਮਾਣ-ਸਨਮਾਨ ਦੀ ਬਹਾਲੀ ਕੀਤੀ ਜਾਵੇਗੀ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਵਿਕਾਸਮੁਖੀ ਅਤੇ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਲੈ ਕੇ ਜਾਵਾਂਗੇ।

ਅਮਿਤ ਸ਼ਾਹ ਨੇ ਕਰਤਾਪੁਰ ਸਾਹਿਬ ਤੇ ਬੰਦੀ ਸਿੰਘਾਂ ਬਾਰੇ ਦਿੱਤਾ ਵੱਡਾ ਬਿਆਨ



ਨਵੀਂ ਦਿੱਲੀ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਰਾਜਨੀਤਿਕ ਖੇਤਰ 'ਚ ਇੱਕ ਵੱਡਾ ਬਦਲਾਅ ਦੇਖਣ ਨੂੰ ਮਿਲਿਆ ਹੈ, ਜਿੱਥੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਰਾਸ਼ਟਰੀ ਜਮਹੂਰੀ ਗਠਜੋੜ (ਐੱਨ.ਡੀ.ਏ.) ਦੇ ਝੰਡੇ ਹੇਠ ਮੁੜ ਇੱਕਜੁੱਟ ਹੋਣ ਦਾ ਰਸਮੀ ਐਲਾਨ ਕਰ ਦਿੱਤਾ ਹੈ। ਨਵੀਂ ਦਿੱਲੀ ਵਿਖੇ ਕੀਤੀ ਗਈ ਇੱਕ ਸਾਂਝੀ ਪ੍ਰੈੱਸ ਵਾਰਤਾ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇ.ਪੀ. ਨੱਡਾ ਤੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸ ਇਤਿਹਾਸਕ ਗਠਜੋੜ ਦੀ ਪੁਸ਼ਟੀ ਕੀਤੀ। ਇਸ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਰਤਾਪੁਰ ਸਾਹਿਬ ਲਾਂਘੇ (ਕੋਰੀਡੋਰ) ਬਾਰੇ ਬੋਲਦਿਆਂ ਕਿਹਾ ਕਿ ਇਹ ਪਵਿੱਤਰ ਰਸਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਨਾਲ ਹੀ ਤਿਆਰ ਹੋਇਆ ਸੀ। ਉਨ੍ਹਾਂ ਦੱਸਿਆ ਕਿ ਆਪਰੇਸ਼ਨ ਸਿੰਦੂਰ ਤੋਂ ਬਾਅਦ ਰਾਸ਼ਟਰੀ ਸੁਰੱਖਿਆ ਨਾਲ ਜੁੜੇ ਕਾਰਨਾਂ ਕਰ ਕੇ ਇਸ ਨੂੰ ਅਸਥਾਈ ਤੌਰ 'ਤੇ ਬੰਦ ਕੀਤਾ ਗਿਆ ਸੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜਿਵੇਂ ਹੀ ਸੁਰੱਖਿਆ ਨਾਲ ਜੁੜੀਆਂ ਚੁਣੌਤੀਆਂ ਦਾ ਹੱਲ ਨਿਕਲ ਜਾਵੇਗਾ, ਇਸ ਲਾਂਘੇ ਨੂੰ ਪੂਰੇ ਸਤਿਕਾਰ ਨਾਲ ਦੁਬਾਰਾ ਖੋਲ੍ਹ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸੁਰੱਖਿਆ ਦੇ ਨਾਜ਼ੁਕ ਮੁੱਦੇ 'ਤੇ ਕਿਸੇ ਨੂੰ ਰਾਜਨੀਤੀ ਨਹੀਂ ਕਰਨੀ ਚਾਹੀਦੀ। 'ਬੰਦੀ ਸਿੰਘਾਂ' ਦੇ ਮੁੱਦੇ 'ਤੇ ਗ੍ਰਹਿ ਮੰਤਰੀ ਨੇ ਕਿਹਾ ਕਿ ਇਸ ਵਿਸ਼ੇ 'ਤੇ ਵੀ ਦੋਵੇਂ ਪਾਰਟੀਆਂ ਗੰਭੀਰਤਾ ਨਾਲ ਚਰਚਾ ਕਰਨਗੀਆਂ। ਉਨ੍ਹਾਂ ਮੰਨਿਆ ਕਿ ਦੋਹਾਂ ਧਿਰਾਂ ਦਾ ਆਪਣਾ-ਆਪਣਾ ਸਟੈਂਡ ਹੈ, ਪਰ ਮਿਲ ਕੇ ਇਸ ਦਾ ਕੋਈ ਸਾਰਥਕ ਅਤੇ ਯੋਗ ਰਸਤਾ ਕੱਢਿਆ ਜਾਵੇਗਾ। ਇਸ ਦੇ ਨਾਲ ਹੀ ਕਿਸਾਨਾਂ ਦੇ ਮੁੱਦਿਆਂ 'ਤੇ ਬੋਲਦਿਆਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਭਾਜਪਾ ਆਗੂਆਂ ਨੇ ਦੱਸਿਆ ਕਿ ਕਿਸਾਨੀ ਸਮੱਸਿਆਵਾਂ, ਪੰਜਾਬ ਦੇ ਆਰਥਿਕ ਵਿਕਾਸ ਅਤੇ ਰੋਜ਼ਗਾਰ ਲਈ ਇੱਕ ਵਿਸ਼ੇਸ਼ ਰੋਡਮੈਪ ਤਿਆਰ ਕੀਤਾ ਗਿਆ ਹੈ।

'ਸ਼ੋਅ 'ਚ ਜਵਾਕਾਂ ਨੂੰ ਨਾ ਲੈ ਕੇ ਆਇਓ..!' ਦਿਲਜੀਤ ਦੇ 29 ਨਵੰਬਰ ਨੂੰ ਹੋਣ ਵਾਲੇ ਕੰਸਰਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ

ਬੈਂਗਲੁਰੂ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਦੇ ਬੈਂਗਲੁਰੂ ਵਿੱਚ ਹੋਣ ਵਾਲੇ ਸੰਗੀਤ ਸਮਾਰੋਹ ਦੌਰਾਨ IED ਬੰਬ ਧਮਾਕੇ ਦੀ ਧਮਕੀ ਭਰੀ ਈਮੇਲ ਮਿਲਣ ਤੋਂ ਬਾਅਦ ਪੁਲਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ FIR ਦਰਜ ਕਰ ਲਈ ਹੈ। ਪੁਲਸ ਨੇ ਕਿਹਾ ਕਿ ਗਾਇਕ ਦਾ ਸੰਗੀਤ ਸਮਾਰੋਹ 29 ਨਵੰਬਰ ਨੂੰ ਮਦਾਵਾਰਾ ਦੇ ਨਾਈਸ ਗਰਾਊਂਡਸ ਵਿੱਚ ਹੋਣ ਵਾਲਾ ਹੈ। ਦਰਜ ਕੀਤੀ ਗਈ FIR ਮੁਤਾਬਕ, 9 ਨਵੰਬਰ ਨੂੰ ਹੁੱਬਲੀ-ਧਾਰਵਾੜ ਨਗਰ ਨਿਗਮ ਕਮਿਸ਼ਨਰ ਦੀ ਅਧਿਕਾਰਤ ਈ-ਮੇਲ ਆਈ.ਡੀ. 'ਤੇ ਇਹ ਧਮਕੀ ਭਰਿਆ ਸੰਦੇਸ਼ ਭੇਜਿਆ ਗਿਆ ਸੀ, ਜਿਸ ਵਿੱਚ ਚਿਤਾਵਨੀ ਦਿੱਤੀ ਗਈ ਸੀ ਕਿ 29 ਨਵੰਬਰ ਨੂੰ ਦੋਸਾਂਝ ਦੇ ਸੰਗੀਤ ਸਮਾਰੋਹ ਦੌਰਾਨ ਆਈਈਡੀ ਧਮਾਕਾ ਕੀਤਾ ਜਾਵੇਗਾ। ਈ-ਮੇਲ ਵਿੱਚ ਲੋਕਾਂ ਨੂੰ ਪ੍ਰੋਗਰਾਮ ਵਿੱਚ ਬੱਚਿਆਂ ਨੂੰ ਨਾਲ ਨਾ ਲਿਆਉਣ, ਅਣਪਛਾਤੇ ਆਈਫੋਨ ਨਾ ਚੁੱਕਣ ਅਤੇ ਮੈਟਰੋ ਟ੍ਰੇਨ ਰਾਹੀਂ ਯਾਤਰਾ ਨਾ ਕਰਨ ਦੀ ਚੇਤਾਵਨੀ ਦਿੱਤੀ ਗਈ ਹੈ। ਇਸ ਸੰਦੇਸ਼ ਦੇ ਅਖੀਰ ਵਿੱਚ 'ਖਾਲਿਸਤਾਨ ਜ਼ਿੰਦਾਬਾਦ' ਲਿਖਿਆ ਹੋਇਆ ਸੀ। ਪੁਲਸ ਨੇ ਕਿਹਾ ਕਿ ਉਨ੍ਹਾਂ ਨੇ ਬੈਂਗਲੁਰੂ ਇੰਟਰਨੈਸ਼ਨਲ ਐਗਜ਼ੀਬਿਸ਼ਨ ਸੈਂਟਰ (BIEC) ਦੇ ਪ੍ਰਬੰਧਕਾਂ ਨਾਲ ਸੰਪਰਕ ਕੀਤਾ, ਜਿਨ੍ਹਾਂ ਨੇ NICE ਗਰਾਊਂਡਜ਼ ਵਿਖੇ 29 ਨਵੰਬਰ ਨੂੰ ਕੰਸਰਟ ਹੋਣ ਦੀ ਪੁਸ਼ਟੀ ਕੀਤੀ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ ਕਿ ਸ਼ਿਕਾਇਤ ਦੇ ਆਧਾਰ 'ਤੇ, ਸੂਚਨਾ ਤਕਨਾਲੋਜੀ ਐਕਟ ਦੀ ਧਾਰਾ 66, ਭਾਰਤੀ ਨਿਆ ਸੰਹਿਤਾ ਦੀ ਧਾਰਾ 351(4) (ਅਪਰਾਧਿਕ ਧਮਕੀ) ਅਤੇ 353(1)(b) (ਜਨਤਕ ਸ਼ਰਾਰਤ ਕਰਨ ਵਾਲੇ ਬਿਆਨ) ਦੇ ਤਹਿਤ ਉੱਤਰੀ CEN ਕ੍ਰਾਈਮ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਕਿਹਾ ਕਿ ਧਮਕੀ ਭੇਜਣ ਲਈ ਵਰਤੇ ਗਏ ਈਮੇਲ ਖਾਤੇ ਦੇ IP ਐਡਰੈੱਸ ਅਤੇ ਇਸ ਦੇ ਸਰੋਤ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



ਸ੍ਰੀ ਨਨਕਾਣਾ ਸਾਹਿਬ ਤੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਦਾ ਚੜ੍ਹਦੇ ਪੰਜਾਬ ਦੇ ਸਿੱਖ ਨੌਜਵਾਨਾਂ ਨੂੰ ਸੰਦੇਸ਼



ਨਨਕਾਣਾ ਸਾਹਿਬ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਦੇ ਚੱਲਦਿਆਂ ਬੀਤੀ ਰਾਤ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਜਥੇਦਾਰ ਗੜਗੱਜ ਨੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਸਿੰਧੀ ਭਾਈਚਾਰੇ ਨਾਲ ਸਬੰਧਤ ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਆਪਣੀ ਪਹਿਲੀ ਰਵਾਇਤ ਅਨੁਸਾਰ ਪਰਿਵਾਰਾਂ ਵਿੱਚੋਂ ਪਹਿਲਾ ਬੱਚਾ ਸਾਬਤ ਸੂਰਤ ਸਿੱਖ ਜ਼ਰੂਰ ਬਣਾਈਏ। ਉਨ੍ਹਾਂ ਚੜ੍ਹਦੇ ਪੰਜਾਬ ਵਾਲੇ ਸਿੱਖ ਨੌਜਵਾਨਾਂ ਨੂੰ, ਜੋ ਕੇਸ ਕਤਲ ਕਰਦੇ ਹਨ, ਉਹ ਪਾਕਿਸਤਾਨ ਦੇ ਸਿੱਖਾਂ ਤੋਂ ਸਿੱਖਿਆ ਜ਼ਰੂਰ ਲੈਣ ਕਿ ਇਨ੍ਹਾਂ ਨੇ ਅੱਖੇ ਤੋਂ ਅੱਖੇ ਹਾਲਾਤ, ਵਿੱਚ ਵੀ ਸਿੱਖੀ ਨਹੀਂ ਛੱਡੀ ਅਤੇ ਕੋਈ ਵੀ ਸਿੱਖ, ਇੱਥੇ ਕੇਸ ਕਤਲ ਨਹੀਂ ਕਰਦਾ। ਉਨ੍ਹਾਂ ਚੜ੍ਹਦੇ ਪੰਜਾਬ ਤੋਂ ਆਈ ਸੰਗਤ ਨੂੰ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਤੋਂ ਪਿਸ਼ੌਰੀ ਅਤੇ ਸਿੰਧੀ ਸੰਗਤ ਪਾਸੋਂ ਸੇਵਾ ਤੇ ਸ਼ਰਧਾ ਦਾ ਪ੍ਰੇਰਣਾ ਜ਼ਰੂਰ ਲੈ ਕੇ ਜਾਣ ਜੋ ਬਹੁਤ ਹੀ ਪ੍ਰੇਮ ਨਾਲ ਗੁਰਪੁਰਬ ਮੌਕੇ ਵੱਡੀਆਂ ਸੇਵਾਵਾਂ ਨਿਭਾਉਂਦੇ ਹਨ। ਸ੍ਰੀ ਨਨਕਾਣਾ ਸਾਹਿਬ ਵਿਖੇ, ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਪੁੱਜੀਆਂ ਸਿੱਖ ਸੰਗਤਾਂ ਨਾਲ ਮੁਲਾਕਾਤ ਕੀਤੀ। ਸੰਗਤਾਂ ਦੇ ਮਨ ਵਿੱਚ ਬਹੁਤ ਚਾਅ ਅਤੇ ਉਤਸ਼ਾਹ ਹੈ ਕਿ ਆਪਣੇ ਵਿੱਛੜੇ ਹੋਏ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਉਹਨਾਂ ਨੂੰ ਮੌਕਾ ਮਿਲਿਆ। ਸ੍ਰੀ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਉਹ ਵੱਡੀ ਗਿਣਤੀ ਵਿੱਚ ਇੱਥੇ ਪੁੱਜੀਆਂ ਹਨ। ਸ੍ਰੀ ਗੁਰੂ ਨਾਨਕ ਪਾਤਸ਼ਾਹ ਕਿਰਪਾ ਕਰਨ ਸੰਗਤਾਂ ਨੂੰ ਵਿਛੜੇ ਗੁਰਧਾਮਾਂ ਦੇ ਖੁੱਲੇ ਦਰਸ਼ਨ ਦੀਦਾਰ ਪ੍ਰਾਪਤ ਹੋਣ।

ਪਿਕਨਿਕ ਤੋਂ ਵਾਪਸ ਆ ਰਹੀ ਸਕੂਲ ਬੱਸ ਨੂੰ ਟਰੱਕ ਨੇ ਮਾਰੀ ਟੱਕਰ, 4 ਬੱਚਿਆਂ ਦੀ ਮੌਤ, 35 ਜ਼ਖਮੀ



ਲਖਨਊ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੰਗਲਵਾਰ ਸਵੇਰੇ ਕੰਨੌਜ ਜ਼ਿਲ੍ਹੇ ਦੇ ਆਗਰਾ-ਲਖਨਊ ਐਕਸਪ੍ਰੈਸਵੇਅ 'ਤੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਆਗਰਾ ਤੋਂ ਆ ਰਹੇ ਇੱਕ ਤੇਜ਼ ਰਫ਼ਤਾਰ ਆਲੂਆਂ ਨਾਲ ਭਰੇ ਟਰੱਕ ਨੇ ਸਕੂਲੀ ਬੱਚਿਆਂ ਨਾਲ ਭਰੀ ਬੱਸ ਨੂੰ ਟੱਕਰ ਮਾਰ ਦਿੱਤੀ ਜਦੋਂ ਇਹ ਐਕਸਪ੍ਰੈਸਵੇਅ ਦੇ 209.9 ਕਿਲੋਮੀਟਰ ਨੰਬਰ 'ਤੇ ਟਾਇਲਟ ਦੀ ਵਰਤੋਂ ਕਰਨ ਲਈ ਰੁਕੀ ਹੋਈ ਸੀ। ਇਸ ਹਾਦਸੇ ਵਿੱਚ 4 ਵਿਦਿਆਰਥੀਆਂ ਦੀ ਮੌਤ ਹੋ ਗਈ, ਜਦੋਂ ਕਿ ਲਗਭਗ 35 ਜ਼ਖਮੀ ਹੋ ਗਏ ਹਨ। ਸਾਰੇ ਜ਼ਖਮੀਆਂ ਨੂੰ ਐਂਬੂਲੈਂਸ ਰਾਹੀਂ ਸਰਕਾਰੀ ਮੈਡੀਕਲ ਕਾਲਜ ਵਿੱਚ ਦਾਖਲ ਕਰਵਾਇਆ ਗਿਆ ਹੈ। ਜਾਣਕਾਰੀ ਅਨੁਸਾਰ ਕੌਸ਼ਾਂਬੀ ਜ਼ਿਲ੍ਹੇ ਦੇ ਓਰੀਐਂਟ ਪਬਲਿਕ ਸਕੂਲ ਦੇ ਵਿਦਿਆਰਥੀ ਵ੍ਰਿੰਦਾਵਨ ਅਤੇ ਮਥੁਰਾ ਵਿੱਚ ਇੱਕ ਵਿਦਿਅਕ ਟੂਰ ਅਤੇ ਪਿਕਨਿਕ ਤੋਂ ਬੱਸ ਰਾਹੀਂ ਕੌਸ਼ਾਂਬੀ ਵਾਪਸ ਆ ਰਹੇ ਸਨ। ਇਸ ਬੱਸ ਵਿ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV


ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar







ਅਕਾਲੀ ਦਲ-ਭਾਜਪਾ ਮੁੜ ਹੋਏ ਇਕੱਠੇ, ਕੀ 2027 ਦੀਆਂ ਚੋਣਾਂ ਬਦਲਣਗੀਆਂ ਪੰਜਾਬ ਦੀ ਤਕਦੀਰ ਜਾਂ ਸਿਰਫ਼ ਸੱਤਾ ਦੇ ਸਮੀਕਰਨ ?

ਲੰਡਨ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)–ਸਰਬਜੀਤ ਸਿੰਘ ਬਨੂੜ– ਪੰਜਾਬ ਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬੇ ਦੀ ਸਿਆਸਤ ਵਿੱਚ ਵੱਡੀ ਹਲਚਲ ਪੈਦਾ ਹੋ ਗਈ ਹੈ। ਕੁਝ ਦਿਨ ਪਹਿਲਾਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਰਤੀ ਜਨਤਾ ਪਾਰਟੀ ਵਿਚਾਲੇ 24 ਨਵੰਬਰ ਨੂੰ ਮੁੜ ਗਠਜੋੜ ਹੋਣ ਦੀ ਸੰਭਾਵਨਾ ਸਬੰਧੀ ਪ੍ਰਕਾਸ਼ਿਤ ਕੀਤੀ ਗਈ ਖ਼ਬਰ 'ਤੇ ਅੱਜ ਉਸ ਵੇਲੇ ਮੋਹਰ ਲੱਗ ਗਈ, ਜਦੋਂ ਦੋਵਾਂ ਪਾਰਟੀਆਂ ਨੇ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਇਕੱਠਿਆਂ ਲੜਨ ਦਾ ਰਸਮੀ ਐਲਾਨ ਕਰ ਦਿੱਤਾ। ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਕੀਤੇ ਗਏ ਇਸ ਐਲਾਨ ਨਾਲ ਕਰੀਬ ਛੇ ਸਾਲਾਂ ਬਾਅਦ ਦੋਵਾਂ ਪੁਰਾਣੇ ਸਿਆਸੀ ਭਾਈਵਾਲਾਂ ਦੀ ਮੁੜ ਸਾਂਝ ਪੈ ਗਈ ਹੈ। ਅਮਿਤ ਸ਼ਾਹ ਨੇ ਪੰਜਾਬ ਵਿੱਚੋਂ ਨਸ਼ਿਆਂ ਅਤੇ ਗੈਂਗਸਟਰਵਾਦ ਦੇ ਖ਼ਾਤਮੇ ਤੇ ਕਾਨੂੰਨ ਵਿਵਸਥਾ ਨੂੰ ਦਰੁਸਤ ਕਰਨ ਦਾ ਦਾਅਵਾ ਕਰਦਿਆਂ ਦਸੰਬਰ 2029 ਦੇ ਅੰਤ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਵਾਅਦਾ ਕੀਤਾ ਹੈ। ਪਰੰਤੂ ਗ੍ਰਹਿ ਮੰਤਰੀ ਦੇ ਇਸ ਬਿਆਨ ਤੋਂ ਬਾਅਦ ਇੱਕ ਗੰਭੀਰ ਸਵਾਲ ਵੀ ਖੜ੍ਹਾ ਹੁੰਦਾ ਹੈ ਕਿ ਕੀ ਪੰਜਾਬ ਵਿੱਚ ਨਸ਼ਿਆਂ ਅਤੇ ਗੈਂਗਸਟਰਵਾਦ ਦੇ ਖ਼ਾਤਮੇ ਲਈ ਕੋਈ ਠੋਸ ਨੀਤੀ ਅਪਣਾਈ ਜਾਵੇਗੀ ਜਾਂ ਮਹਿਜ਼ ਪੁਲਸ ਕਾਰਵਾਈਆਂ ਨੂੰ ਹੀ ਇਨ੍ਹਾਂ ਸਮੱਸਿਆਵਾਂ ਦਾ ਹੱਲ ਸਮਝਿਆ ਜਾਵੇਗਾ ?ਪੰਜਾਬ ਦੀ ਨੌਜਵਾਨੀ ਦਾ ਇੱਕ ਹਿੱਸਾ ਪੜ੍ਹਿਆ–ਲਿਖਿਆ ਹੋਣ ਦੇ ਬਾਵਜੂਦ ਬੇਰੁਜ਼ਗਾਰੀ, ਸਮਾਜਿਕ ਬੇਇਨਸਾਫ਼ੀ ਅਤੇ ਪ੍ਰਸ਼ਾਸਨਿਕ ਪ੍ਰਣਾਲੀ ਤੋਂ ਨਿਰਾਸ਼ ਹੈ। ਕੁਝ ਨੌਜਵਾਨ ਅਪਰਾਧ ਦੀ ਦੁਨੀਆ ਵੱਲ ਵੀ ਚਲੇ ਗਏ ਹਨ, ਪਰੰਤੂ ਸਿਸਟਮ ਵਿਰੁੱਧ ਜਮਹੂਰੀ ਤਰੀਕੇ ਨਾਲ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨਾਂ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਵਿਚਾਲੇ ਫ਼ਰਕ ਕਰਨਾ ਵੀ ਬੇਹੱਦ ਜ਼ਰੂਰੀ ਹੈ। ਪੰਜਾਬ ਦੇ ਬੀਤੇ ਇਤਿਹਾਸ ਨੂੰ ਵੇਖਦਿਆਂ ਇਹ ਖ਼ਦਸ਼ਾ ਵੀ ਉੱਠਦਾ ਹੈ ਕਿ ਜੇਕਰ 2027 ਵਿੱਚ ਅਕਾਲੀ–ਭਾਜਪਾ ਗਠਜੋੜ ਸੱਤਾ ਵਿੱਚ ਆਉਂਦਾ ਹੈ ਤਾਂ ਕੀ ਅਪਰਾਧ ਅਤੇ ਗੈਂਗਸਟਰਵਾਦ ਦੇ ਖ਼ਾਤਮੇ ਦੇ ਨਾਂ ਹੇਠ ਪੰਜਾਬ ਦੀ ਨੌਜਵਾਨੀ ਨੂੰ ਮੁੜ ਝੂਠੇ ਪੁਲਸ ਮੁਕਾਬਲਿਆਂ ਦਾ ਸਾਹਮਣਾ ਕਰਨਾ ਪਵੇਗਾ ? ਕੀ ਬੀਤੇ ਸਮੇਂ ਵਾਂਗ ਨੌਜਵਾਨਾਂ ਦੀਆਂ ਲਾਸ਼ਾਂ ਨੂੰ ਅਣਪਛਾਤੀਆਂ ਦੱਸ ਕੇ ਸਸਕਾਰ ਕਰਨ ਵਾਲਾ ਦੁਖਦਾਈ ਦੌਰ ਮੁੜ ਪੰਜਾਬ ਦੇ ਹਿੱਸੇ ਆ ਸਕਦਾ ਹੈ ?ਮਨੁੱਖੀ ਅਧਿਕਾਰਾਂ ਦੇ ਰਾਖੇ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਬੇਨਕਾਬ ਕੀਤੇ ਗਏ ਅਣਪਛਾਤੀਆਂ ਲਾਸ਼ਾਂ ਦੇ ਸਸਕਾਰਾਂ ਅਤੇ ਝੂਠੇ ਪੁਲਸ ਮੁਕਾਬਲਿਆਂ ਦੇ ਮਾਮਲਿਆਂ ਵਿੱਚ ਅੱਜ ਵੀ ਅਦਾਲਤਾਂ ਵੱਲੋਂ ਪੁਲਸ ਅਧਿਕਾਰੀਆਂ ਨੂੰ ਸਜ਼ਾਵਾਂ ਸੁਣਾਈਆਂ ਜਾ ਰਹੀਆਂ ਹਨ। ਇਸ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਦੀ ਕਾਰਜਸ਼ੈਲੀ ਨੂੰ ਲੈ ਕੇ ਅੱਜ ਵੀ ਗੰਭੀਰ ਸਵਾਲ ਉੱਠ ਰਹੇ ਹਨ। ਅਜਿਹੇ ਵਿੱਚ ਗਠਜੋੜ ਦੀ ਲੀਡਰਸ਼ਿਪ ਨੂੰ ਪੰਜਾਬ ਦੇ ਲੋਕਾਂ ਨੂੰ ਇਹ ਭਰੋਸਾ ਵੀ ਦਿਵਾਉਣਾ ਚਾਹੀਦਾ ਹੈ ਕਿ ਅਪਰਾਧ ਵਿਰੁੱਧ ਕਾਰਵਾਈ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੀਤੀ ਜਾਵੇਗੀ ਅਤੇ ਕਿਸੇ ਵੀ ਬੇਕਸੂਰ ਨੌਜਵਾਨ ਦੇ ਮਨੁੱਖੀ ਅਧਿਕਾਰਾਂ ਦਾ ਘਾਣ ਨਹੀਂ ਹੋਣ ਦਿੱਤਾ ਜਾਵੇਗਾ। ਦੂਜੇ ਪਾਸੇ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਇੰਨੀ ਗੰਭੀਰ ਹੋ ਚੁੱਕੀ ਹੈ ਕਿ ਸਿਰਫ਼ ਸਰਕਾਰਾਂ ਬਦਲਣ ਨਾਲ ਹਾਲਾਤ ਸੁਧਰਦੇ ਨਜ਼ਰ ਨਹੀਂ ਆ ਰਹੇ। ਕਾਨੂੰਨ ਦੇ ਕੁਝ ਰਾਖਿਆਂ ਉੱਤੇ ਹੀ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਝੂਠੇ ਮਾਮਲਿਆਂ ਵਿੱਚ ਫਸਾਉਣ ਦੇ ਦੋਸ਼ ਲੱਗਣ ਕਾਰਨ ਪੁਲਸ ਪ੍ਰਣਾਲੀ ਦੀ ਕਾਰਗੁਜ਼ਾਰੀ ਵੀ ਸਵਾਲਾਂ ਦੇ ਘੇਰੇ ਵਿੱਚ ਹੈ। ਇੱਥੋਂ ਤੱਕ ਕਿ ਇਹ ਗੰਭੀਰ ਦੋਸ਼ ਵੀ ਲੱਗਦੇ ਰਹੇ ਹਨ ਕਿ ਕੁਝ ਥਾਣੇਦਾਰਾਂ ਦੀ ਬਦਲੀ ਹੋਣ ਨਾਲ ਨਸ਼ਾ ਤਸਕਰ ਵੀ ਆਪਣਾ ਕਾਰੋਬਾਰੀ ਇਲਾਕਾ ਬਦਲ ਲੈਂਦੇ ਹਨ। ਭਾਵੇਂ ਅਜਿਹੇ ਦੋਸ਼ਾਂ ਦੀ ਨਿਰਪੱਖ ਜਾਂਚ ਹੋਣੀ ਜ਼ਰੂਰੀ ਹੈ, ਪਰੰਤੂ ਸਵਾਲ ਇਹ ਹੈ ਕਿ ਜਦੋਂ ਤੱਕ ਨਸ਼ਾ ਮਾਫ਼ੀਆ ਦੀ ਕਥਿਤ ਸਿਆਸੀ ਅਤੇ ਪੁਲਸ ਸਰਪ੍ਰਸਤੀ ਖ਼ਤਮ ਨਹੀਂ ਹੁੰਦੀ, ਉਦੋਂ ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਵਾਅਦੇ ਕਿਵੇਂ ਪੂਰੇ ਹੋਣਗੇ ?

'ਆਵਾਜ਼ਿ ਕੌਮ' 'ਚ ਪ੍ਰਕਾਸ਼ਿਤ ਖ਼ਬਰ 'ਪੱਥਰ 'ਤੇ ਲੀਕ' ਸਾਬਤ ਹੋਈ

ਸ਼੍ਰੋਮਣੀ ਅਕਾਲੀ ਦਲ (ਬਾਦਲ) ਤੇ ਭਾਜਪਾ ਵਿਚਾਲੇ

ਮੁੜ ਗਠਜੋੜ ਦੀ ਸੰਭਾਵਨਾ ਹੋਈ ਮਜ਼ਬੂਤ, 24 ਨਵੰਬਰ ਨੂੰ ਹੋ ਸਕਦੈ ਵੱਡਾ ਐਲਾਨ !



ਆਵਾਜ਼ਿ ਕੌਮ AWAZE QAUM International Newspaper & WEB TV

2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦੋਵੇਂ ਪੁਰਾਣੇ ਭਾਈਵਾਲਾਂ ਦੇ ਮੁੜ ਇਕੱਠੇ ਹੋਣ ਦੀਆਂ ਚਰਚਾਵਾਂ ਤੇਜ਼

ਲੰਡਨ/ਚੰਡੀਗੜ੍ਹ/ਨਵੀਂ ਦਿੱਲੀ (ਸਰਬਜੀਤ ਸਿੰਘ ਬਨੂੜ)- ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡੀ ਤਬਦੀਲੀ ਦੇ ਸੰਕੇਤ ਮਿਲ ਰਹੇ ਹਨ। ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਰਤੀ ਜਨਤਾ ਪਾਰਟੀ ਵਿਚਾਲੇ ਮੁੜ ਸਿਆਸੀ ਗਠਜੋੜ ਕਰਨ ਦੀਆਂ ਕੋਸ਼ਿਸ਼ਾਂ ਅੰਤਿਮ ਪੜਾਅ ਵਿੱਚ ਪਹੁੰਚਣ ਦੀਆਂ ਖ਼ਬਰਾਂ ਹਨ। ਦੋਵੇਂ ਪਾਰਟੀਆਂ ਦੇ ਅੰਦਰੂਨੀ ਹਲਕਿਆਂ ਨਾਲ ਜੁੜੇ ਅਤਿ ਨਜ਼ਦੀਕੀ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ 24 ਨਵੰਬਰ ਨੂੰ ਗਠਜੋੜ ਦਾ ਰਸਮੀ ਐਲਾਨ ਹੋਣ ਦੀ ਸੰਭਾਵਨਾ ਹੈ। ਹਾਲਾਂਕਿ ਦੋਵਾਂ ਪਾਰਟੀਆਂ ਵੱਲੋਂ ਅਜੇ ਇਸ ਤਰੀਕ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ। 17 ਨਵੰਬਰ ਨੂੰ ਸਾਹਮਣੇ ਆਈਆਂ ਮੀਡੀਆ ਰਿਪੋਰਟਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਚਾਲੇ 20 ਨਵੰਬਰ ਤੋਂ ਬਾਅਦ ਅਹਿਮ ਮੁਲਾਕਾਤ ਹੋ ਸਕਦੀ ਹੈ। ਇਸ ਮੁਲਾਕਾਤ ਦੌਰਾਨ ਸੀਟਾਂ ਦੀ ਵੰਡ ਸਮੇਤ ਗਠਜੋੜ ਨਾਲ ਸਬੰਧਤ ਬਾਕੀ ਰਹਿੰਦੇ ਮੁੱਦਿਆਂ ਉੱਤੇ ਚਰਚਾ ਹੋਣ ਦੀ ਸੰਭਾਵਨਾ ਹੈ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦਾ ਕਰੀਬ 24 ਸਾਲ ਪੁਰਾਣਾ ਸਿਆਸੀ ਗਠਜੋੜ ਸਤੰਬਰ 2020 ਵਿੱਚ ਕੇਂਦਰ ਸਰਕਾਰ ਦੇ ਤਿੰਨ ਖੇਤੀ ਕਾਨੂੰਨਾਂ ਦੇ ਵਿਰੋਧ ਕਾਰਨ ਟੁੱਟ ਗਿਆ ਸੀ। ਇਸ ਤੋਂ ਬਾਅਦ ਦੋਵਾਂ ਪਾਰਟੀਆਂ ਨੇ ਵੱਖ-ਵੱਖ ਚੋਣਾਂ ਲੜੀਆਂ। ਹੁਣ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੁਰਾਣੇ ਸਿਆਸੀ ਰਿਸ਼ਤੇ ਮੁੜ ਬਹਾਲ ਕਰਨ ਦੀਆਂ ਕੋਸ਼ਿਸ਼ਾਂ ਚਰਚਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਸੂਤਰਾਂ ਮੁਤਾਬਕ ਗਠਜੋੜ ਹੋਣ ਦੀ ਸੂਰਤ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਨੂੰ ਮੁੜ ਕੇਂਦਰੀ ਮੰਤਰੀ ਮੰਡਲ ਵਿੱਚ ਕੈਬਨਿਟ ਮੰਤਰੀ ਵਜੋਂ ਸ਼ਾਮਲ ਕੀਤੇ ਜਾਣ ਦੀ ਸੰਭਾਵਨਾ ਵੀ ਪ੍ਰਗਟਾਈ ਜਾ ਰਹੀ ਹੈ। ਗਠਜੋੜ ਦੀ ਗੱਲਬਾਤ ਵਿੱਚ ਸਭ ਤੋਂ ਅਹਿਮ ਮੁੱਦਾ ਵਿਧਾਨ ਸਭਾ ਸੀਟਾਂ ਦੀ ਵੰਡ ਦਾ ਦੱਸਿਆ ਜਾ ਰਿਹਾ ਹੈ। ਪੁਰਾਣੇ ਸਮਝੌਤੇ ਤਹਿਤ ਅਕਾਲੀ ਦਲ 94 ਅਤੇ ਭਾਜਪਾ 23 ਸੀਟਾਂ ਉੱਤੇ ਚੋਣ ਲੜਦੀ ਰਹੀ ਹੈ, ਪਰ ਹੁਣ ਭਾਜਪਾ ਵੱਲੋਂ ਪਹਿਲਾਂ ਨਾਲੋਂ ਵੱਧ ਸੀਟਾਂ ਦੀ ਮੰਗ ਕੀਤੇ ਜਾਣ ਦੀਆਂ ਰਿਪੋਰਟਾਂ ਹਨ। ਦੂਜੇ ਪਾਸੇ ਭਾਜਪਾ ਦੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਵੀ ਗਠਜੋੜ ਨੂੰ ਲੈ ਕੇ ਪਾਰਟੀ ਅੰਦਰ ਵੱਖ-ਵੱਖ ਵਿਚਾਰ ਹੋਣ ਦੀ ਗੱਲ ਆਖੀ ਹੈ। ਉਨ੍ਹਾਂ ਮੁਤਾਬਕ ਭਾਜਪਾ ਦੇ ਕੁਝ ਪੁਰਾਣੇ ਆਗੂ ਗਠਜੋੜ ਦੇ ਹੱਕ ਵਿੱਚ ਨਹੀਂ ਹਨ। ਉੱਧਰ ਕੇਂਦਰੀ ਮੰਤਰੀ ਸੀ ਆਰ. ਪਾਟਿਲ ਨੇ 17 ਨਵੰਬਰ ਨੂੰ ਸਪੱਸ਼ਟ ਕੀਤਾ ਕਿ ਇਸ ਸਬੰਧੀ ਅੰਤਿਮ ਫ਼ੈਸਲਾ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਹੀ ਕਰੇਗੀ। ਇਸ ਸਮੁੱਚੇ ਘਟਨਾਕ੍ਰਮ ਨੇ ਪੰਜਾਬ ਦੇ ਸਿਆਸੀ ਹਲਕਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਹੁਣ ਸਭ ਦੀਆਂ ਨਜ਼ਰਾਂ 24 ਨਵੰਬਰ ਉੱਤੇ ਟਿਕੀਆਂ ਹਨ ਕਿ ਕੀ ਇਸ ਦਿਨ ਦੋਵੇਂ ਪਾਰਟੀਆਂ ਆਪਣੇ ਪੁਰਾਣੇ ਗਠਜੋੜ ਦੀ ਬਹਾਲੀ ਦਾ ਐਲਾਨ ਕਰਦੀਆਂ ਹਨ ਜਾਂ ਗੱਲਬਾਤ ਲਈ ਹੋਰ ਸਮਾਂ ਲਿਆ ਜਾਂਦਾ ਹੈ। ਜੇਕਰ 24 ਨਵੰਬਰ ਨੂੰ ਗਠਜੋੜ ਦਾ ਐਲਾਨ ਹੋ ਜਾਂਦਾ ਹੈ ਤਾਂ ਦੋਵਾਂ ਪਾਰਟੀਆਂ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਟਿਕਟਾਂ ਦੇ ਸੰਭਾਵੀ ਦਾਅਵੇਦਾਰਾਂ ਦੇ ਸਿਆਸੀ ਸਮੀਕਰਨ ਵੀ ਬਦਲ ਸਕਦੇ ਹਨ।

- ਅਮਿਤ ਸ਼ਾਹ ਵੱਲੋਂ ਨਸ਼ਿਆਂ ਤੇ ਗੈਂਗਸਟਰਵਾਦ ਦੇ ਖ਼ਾਤਮੇ ਦਾ ਦਾਅਵਾ, ਪੰਜਾਬ ਦੀ ਨੌਜਵਾਨੀ ਦੇ ਭਵਿੱਖ ਨੂੰ ਲੈ ਕੇ ਵੀ ਉੱਠੇ ਗੰਭੀਰ ਸਵਾਲ
- ਪੰਥਕ ਧਿਰਾਂ ਤੇ ਬਸਪਾ ਵਿਚਾਲੇ ਗਠਜੋੜ ਦੀਆਂ ਸਰਗਰਮੀਆਂ ਤੇਜ਼, ਵਿਰੋਧੀ ਵੋਟਾਂ ਦੀ ਵੰਡ ਦਾ 'ਆਪ' ਨੂੰ ਮਿਲ ਸਕਦੈ ਸਿਆਸੀ ਲਾਭ
- ਵਿਦੇਸ਼ਾਂ 'ਚ ਚੱਲ ਰਹੀ ਖ਼ਾਲਿਸਤਾਨ ਰੈਫਰੈਂਡਮ ਮੁਹਿੰਮ ਦਾ ਵੀ ਪੰਜਾਬ ਦੇ ਚੋਣ ਮਾਹੌਲ 'ਤੇ ਪੈ ਸਕਦੈ ਹੈ ਵੱਡਾ ਅਸਰ

ਇਸੇ ਦੌਰਾਨ ਪੰਜਾਬ ਵਿੱਚ ਇੱਕ ਹੋਰ ਸਿਆਸੀ ਗਠਜੋੜ ਬਣਨ ਦੀਆਂ ਸਰਗਰਮੀਆਂ ਵੀ ਤੇਜ਼ ਹੋ ਗਈਆਂ ਹਨ। ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੇ ਅਕਾਲੀ ਦਲ ਵਾਰਿਸ ਪੰਜਾਬ ਦੇ, ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਾਲੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਅਤੇ ਬਹੁਜਨ ਸਮਾਜ ਪਾਰਟੀ ਵਿਚਾਲੇ ਸਿਆਸੀ ਸਮਝੌਤੇ ਲਈ ਗੱਲਬਾਤ ਚੱਲ ਰਹੀ ਹੈ। 26 ਨਵੰਬਰ ਨੂੰ ਫਿਲੌਰ ਵਿਖੇ ਹੋਣ ਵਾਲੀ ਬਸਪਾ ਦੀ ਰੈਲੀ ਤੋਂ ਬਾਅਦ ਇਸ ਸੰਭਾਵੀ ਗਠਜੋੜ ਦੀ ਤਸਵੀਰ ਹੋਰ ਸਪੱਸ਼ਟ ਹੋ ਸਕਦੀ ਹੈ। ਹਾਲਾਂਕਿ ਅਜੇ ਤੱਕ ਸੀਟਾਂ ਦੀ ਵੰਡ ਜਾਂ ਗਠਜੋੜ ਦਾ ਅੰਤਿਮ ਐਲਾਨ ਨਹੀਂ ਹੋਇਆ, ਪਰੰਤੂ ਨਜ਼ਦੀਕੀ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ 28 ਜਾਂ 29 ਨਵੰਬਰ ਤੱਕ ਇਸ ਸਿਆਸੀ ਸਮਝੌਤੇ ਦਾ ਰਸਮੀ ਐਲਾਨ ਹੋਣ ਦੀ ਸੰਭਾਵਨਾ ਹੈ। ਇਨ੍ਹਾਂ ਸਿਆਸੀ ਗਠਜੋੜਾਂ ਤੋਂ ਬਾਅਦ ਪੰਜਾਬ ਵਿੱਚ ਪੰਥਕ ਵੋਟ ਦੇ ਵੱਖ-ਵੱਖ ਧਿਰਾਂ ਵਿੱਚ ਵੰਡੇ ਜਾਣ, ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਅਤੇ ਕਮਿਊਨਿਸਟ ਪਾਰਟੀਆਂ ਦੇ ਸੀਮਤ ਚੋਣ ਪ੍ਰਭਾਵ ਦਾ ਸਿਆਸੀ ਲਾਭ ਸੱਤਾਧਾਰੀ ਆਮ ਆਦਮੀ ਪਾਰਟੀ ਨੂੰ ਮਿਲਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਭਗਵੰਤ ਮਾਨ ਸਰਕਾਰ ਵੱਲੋਂ ਦਿੱਤੀ ਜਾ ਰਹੀ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ, ਔਰਤਾਂ ਲਈ ਮੁਫ਼ਤ ਬੱਸ ਸਫ਼ਰ, ਸਿਹਤ ਸਹੂਲਤਾਂ ਅਤੇ ਯੋਗ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਤੀ ਮਹੀਨਾ 1,000 ਰੁਪਏ ਤੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਯੋਗ ਔਰਤਾਂ ਨੂੰ 1,500 ਰੁਪਏ ਦੇਣ ਦੀ ਯੋਜਨਾ ਵੀ ਆਉਣ ਵਾਲੀਆਂ ਚੋਣਾਂ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ। ਇਸ ਦੇ ਨਾਲ ਹੀ 'ਆਪ' ਨੂੰ ਆਪਣੇ ਪੰਜ ਸਾਲਾਂ ਦੇ ਕਾਰਜਕਾਲ, ਨਸ਼ਿਆਂ, ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਕਾਨੂੰਨ ਵਿਵਸਥਾ ਸਬੰਧੀ ਲੋਕਾਂ ਦੇ ਸਵਾਲਾਂ ਦਾ ਜਵਾਬ ਵੀ ਦੇਣਾ ਪਵੇਗਾ। ਮੌਜੂਦਾ ਸਿਆਸੀ ਸਮੀਕਰਨਾਂ ਨੂੰ ਵੇਖਦਿਆਂ ਜੇਕਰ ਵਿਰੋਧੀ ਵੋਟਾਂ ਕਈ ਧਿਰਾਂ ਵਿੱਚ ਵੰਡੀਆਂ ਜਾਂਦੀਆਂ ਹਨ ਤਾਂ ਅਕਾਲੀ ਦਲ ਅਤੇ ਭਾਜਪਾ ਦੇ ਮੁੜ ਇ



ਆਵਾਜ਼ਿ ਕੌਮ AWAZE QAUM International Newspaper & WEB TV

ਕਿਰਪਾਨ ਦੀ ਰਾਖੀ ਤੇ ਸਿੱਖ ਭਾਈਚਾਰੇ ਦੀ ਸੁਰੱਖਿਆ ਲਈ

ਸਾਊਥਾਲ ਵਿਚ ਪੰਥਕ ਕਾਨਫਰੰਸ – ਇਕਜੁੱਟਤਾ ਦਾ ਸੱਦਾ



ਲੰਡਨ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਕਿਰਪਾਨ ਦੇ ਮੁੱਦੇ, ਸਿੱਖ ਬੱਚੀਆਂ ਨੂੰ ਗੁਮਰਾਹ ਕਰਨ ਦੀਆਂ ਘਟਨਾਵਾਂ, ਭਾਈਚਾਰੇ ਦੀ ਸੁਰੱਖਿਆ ਤੇ ਹੋਰ ਪੰਥਕ ਮਸਲਿਆਂ ਨੂੰ ਲੈ ਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਸੱਦੇ 'ਤੇ ਗੁਰਦੁਆਰਾ ਪਾਰਕ ਐਵਨਿਊ ਵਿਖੇ ਪੰਥਕ ਕਾਨਫਰੰਸ ਕਰਵਾਈ ਗਈ। ਇਸ ਮੌਕੇ ਸੰਸਦ ਮੈਂਬਰਾਂ, ਗੁਰਦੁਆਰਾ ਪ੍ਰਬੰਧਕਾਂ ਤੇ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸਿੱਖ ਕੌਮ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਚਾਰ ਸਾਂਝੇ ਕਰਦਿਆਂ ਆਪਸੀ ਮਤਭੇਦ ਭੁਲਾ ਕੇ ਇਕਜੁੱਟ ਹੋਣ ਦੀ ਅਪੀਲ ਕੀਤੀ। ਕਾਨਫਰੰਸ ਦੇ ਆਰੰਭ ਵਿਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਗੁਰਮੇਲ ਸਿੰਘ ਮੱਲੀ ਨੇ ਮਹਿਮਾਨਾਂ ਤੇ ਸੰਗਤ ਨੂੰ ਜੀ ਆਇਆਂ ਆਖਿਆ ਤੇ ਸਟੇਜ ਦੀ ਕਾਰਵਾਈ ਨਿਭਾਈ। ਸੰਸਦ ਮੈਂਬਰ ਡੀਅਰਡਰੇ ਕੌਂਸਟਿਗਨ ਨੇ ਕਿਰਪਾਨ ਦੇ ਮਾਮਲੇ ਵਿਚ ਸਿੱਖ ਭਾਈਚਾਰੇ ਨਾਲ ਡਟ ਕੇ ਖੜ੍ਹੇ ਹੋਣ ਦਾ ਭਰੋਸਾ ਦਿੱਤਾ। ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਸਿੱਖ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਮੇਂ ਤੋਂ ਕਿਰਪਾਨ ਧਾਰਨ ਕਰਦੇ ਆ ਰਹੇ ਹਨ। ਉਨ੍ਹਾਂ ਬਰਤਾਨਵੀ ਫ਼ੌਜ ਵਿਚ ਸਿੱਖਾਂ ਦੇ ਇਤਿਹਾਸਕ ਯੋਗਦਾਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਕ ਸਮਾਂ ਅਜਿਹਾ ਵੀ ਸੀ ਜਦੋਂ ਅੰਗਰੇਜ਼ ਸਿੱਖ ਫ਼ੌਜੀਆਂ ਲਈ ਅੰਮ੍ਰਿਤ ਛਕਣ ਦੀ ਮਹੱਤਤਾ ਨੂੰ ਸਮਝਦੇ ਸਨ, ਪਰ ਅੱਜ ਬਰਤਾਨਵੀ ਹਕੂਮਤ ਨੂੰ ਇਹ ਇਤਿਹਾਸ ਮੁੜ ਯਾਦ ਕਰਵਾਉਣ ਦੀ ਲੋੜ ਹੈ। ਸੰਸਦ ਮੈਂਬਰ ਜਸ ਅਠਵਾਲ ਨੇ ਕਿਹਾ ਕਿ ਕਿਰਪਾਨ ਸਿੱਖਾਂ ਦਾ ਧਾਰਮਿਕ ਅਧਿਕਾਰ ਹੈ ਤੇ ਇਸ ਦੀ ਰਾਖੀ ਲਈ ਉਹ ਵਚਨਬੱਧ ਹਨ। ਉਨ੍ਹਾਂ ਦੱਸਿਆ ਕਿ 1916 ਦੇ ਵਿਸ਼ਵ ਯੁੱਧ ਸਮੇਂ ਸਿੱਖਾਂ ਲਈ ਬਰਤਾਨੀਆ ਵਿਚ ਕਿਰਪਾਨਾਂ ਵੀ ਤਿਆਰ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਸਾਥੀ ਸੰਸਦ ਮੈਂਬਰਾਂ ਨਾਲ ਮਿਲ ਕੇ ਗ੍ਰਹਿ ਮੰਤਰੀ ਨੂੰ ਸਾਂਝੀ ਚਿੱਠੀ ਲਿਖੀ ਗਈ ਹੈ। ਕਾਨਫਰੰਸ ਦੌਰਾਨ ਬੁਲਾਰਿਆਂ ਨੇ ਹੈਨਰੀ ਨੌਵਾਕ ਦੀ ਹੱਤਿਆ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਮੁੱਚੀ ਸਿੱਖ ਕੌਮ ਨੇ ਇਸ ਅਪਰਾਧ ਦੀ ਨਿੰਦਾ ਕੀਤੀ ਸੀ ਅਤੇ ਦੋਸ਼ੀ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲ ਗਈ ਹੈ। ਪਰ ਅਜਿਹੀਆਂ ਘਟਨਾਵਾਂ ਦੇ ਆਧਾਰ 'ਤੇ ਸਮੁੱਚੇ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਜਾਇਜ਼ ਨਹੀਂ। ਇਸ ਮੌਕੇ ਪਿਛਲੇ ਕੁਝ ਸਾਲਾਂ ਦੌਰਾਨ ਸਿੱਖ ਭਾਈਚਾਰੇ ਵਿਰੁੱਧ ਹੋਏ ਹਮਲਿਆਂ, ਸਿੱਖ ਨੌਜਵਾਨਾਂ 'ਤੇ ਹਮਲਿਆਂ ਦੀ ਨਿਖੇਧੀ ਕੀਤੀ ਗਈ। ਉਨ੍ਹਾਂ ਜ਼ੋਰ ਦਿੱਤਾ ਕਿ ਸਿੱਖ ਕੌਮ ਸਦਾ ਅਮਨ ਸ਼ਾਂਤੀ ਦੀ ਹਾਮੀ ਰਹੀ ਹੈ। ਬੱਚੀ ਦੇ ਕਤਲ, ਬੱਚੀਆਂ 'ਤੇ ਜਿਨਸੀ ਹਮਲਿਆਂ, ਬਜ਼ੁਰਗਾਂ ਅਤੇ ਸਕੂਲਾਂ ਦੇ ਬਾਹਰ ਵਾਪਰੀਆਂ ਘਟਨਾਵਾਂ 'ਤੇ ਵੀ ਗੰਭੀਰ ਚਿੰਤਾ ਪ੍ਰਗਟਾਈ ਗਈ। ਬੁਲਾਰਿਆਂ ਨੇ ਮਾਪਿਆਂ ਤੇ ਨੌਜਵਾਨਾਂ ਨੂੰ ਸੁਚੇਤ ਰਹਿਣ ਦੇ ਨਾਲ ਕਿਸੇ ਵੀ ਹਮਲੇ ਜਾਂ ਧਮਕੀ ਦੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਉਣ ਦੀ ਅਪੀਲ ਕੀਤੀ। ਕਾਨਫਰੰਸ ਨੂੰ ਸਟੇਜ ਸਕੱਤਰ ਸਤਨਾਮ ਸਿੰਘ ਚੌਹਾਨ, ਸੁਪਰੀਮ ਸਿੱਖ ਕੌਂਸਲ ਵਲੋਂ ਸੁਰਿੰਦਰ ਸਿੰਘ ਜੱਡੂ, ਗੁਰਦੁਆਰਾ ਸਾਹਿਬ ਦੇ ਮੀਤ ਪ੍ਰਧਾਨ ਹਰਜੀਤ ਸਿੰਘ ਸਰਪੰਚ, ਸਤਨਾਮ ਸਿੰਘ ਚੌਹਾਨ, ਹਰਜਾਪ ਸਿੰਘ ਸਾਊਥਹੈਂਪਟਨ, ਦਿਆ ਸਿੰਘ ਸਿੱਧੂ ਬਰਮਿੰਘਮ, ਗੁਰਦੁਆਰਾ ਏਡ ਦੇ ਜਗਤਾਰ ਸਿੰਘ ਗਿੱਲ, ਪਰਮਜੀਤ ਕੌਰ, ਬੈਰਿਸਟਰ ਸਤਨਾਮ ਸਿੰਘ, ਗੁਰਦੁਆਰਾ ਬਾਰਕਿੰਗ ਤੋਂ ਸਤਨਾਮ ਸਿੰਘ ਸੰਧੂ, ਦਲਜੀਤ ਸਿੰਘ ਸੰਧੂ, ਰਘਬੀਰ ਸਿੰਘ ਸਮੈਦਿਕ, ਚਰਨ ਸਿੰਘ ਟਿਵਿਡੇਲ, ਪਰਮਜੀਤ ਸਿੰਘ ਢਾਂਡੀ, ਜਤਿੰਦਰ ਸਿੰਘ, ਪੁਲਿਸ ਐਸੋਸੀਏਸ਼ਨ ਦੇ ਕਮਲਦੀਪ ਸਿੰਘ ਸਮਰਾ ਅਤੇ ਜਸਮੀਤ ਸਿੰਘ ਨੇ ਸੰਬੋਧਨ ਕੀਤਾ। ਅੰਤ ਵਿਚ ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਸ਼ਰਨਬੀਰ ਸਿੰਘ ਸੰਧਾ ਨੇ ਸਮੂਹ ਬੁਲਾਰਿਆਂ, ਮਹਿਮਾਨਾਂ ਅਤੇ ਸੰਗਤ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲੀ ਦਲ ਬਾਦਲ ਨਾਲ ਗਠਜੋੜ ਕਰਕੇ ਬੀਜੇਪੀ ਨੇ ਉਸਦੇ ਗੁਨਾਹਾਂ ਵਿੱਚ ਭਾਈਵਾਲੀ ਕਰ ਲਈ ਹੈ- ਗਿਆਨੀ ਹਰਪ੍ਰੀਤ ਸਿੰਘ



ਚੰਡੀਗੜ੍ਹ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਾਇਆ ਕਿ ਭਾਰਤੀ ਜਨਤਾ ਪਾਰਟੀ ਨੇ ਅਕਾਲੀ ਦਲ ਬਾਦਲ ਨਾਲ ਸਿਆਸੀ ਗਠਜੋੜ ਕਰਕੇ ਉਸਦੇ ਸਿੱਖ ਕੌਮ ਖਿਲਾਫ ਕੀਤੇ ਗੁਨਾਹਾਂ ਵਿੱਚ ਭਾਈਵਾਲੀ ਕਰ ਲਈ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਯਾਦ ਕਰਵਾਉਂਦਿਆਂ ਦੱਸਿਆ ਕਿ ਅਕਾਲੀਆਂ ਨੇ ਆਪਣੀ ਸਰਕਾਰ ਵੇਲੇ ਪੰਜਾਬ ਦੇ ਵਿੱਚ ਜਿਵੇਂ ਸੌਦਾ ਸਾਧ ਨੂੰ ਵਧਣ ਫੁੱਲਣ ਦਾ ਮੌਕਾ ਦਿੱਤਾ, ਉਸਨੂੰ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਭੇਖ ਧਾਰਨ ਵਾਲੇ ਕੇਸ ਚੋਂ ਬਚਾਇਆ ਅਤੇ ਫਿਰ ਜਿਵੇਂ ਉਸਨੂੰ ਬਿਨਾ ਮੰਗਣ ਤੋਂ ਮਾਫੀ ਦਿੱਤੀ, ਉਸ ਮਾਫੀ ਦੇ ਪ੍ਰਚਾਰ ਲਈ ਗੁਰੂ ਕੀ ਗੋਲਕ ਦਾ ਸਰਮਾਇਆ ਲੁਟਾਇਆ ਗਿਆ, ਇਹ ਸਾਰੇ ਉਹ ਗੁਨਾਹ ਹਨ ਜਿੰਨਾ ਦਾ ਇਕਬਾਲ ਸੁਖਬੀਰ ਸਿੰਘ ਬਾਦਲ ਨੇ ਸੰਗਤਾਂ ਦੇ ਇਕੱਠ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਕੀਤਾ ਸੀ। ਏਨਾ ਹੀ ਨਹੀਂ ਸੌਦੇ ਸਾਧ ਦੇ ਗੈਂਗ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਕਰਵਾਉਣ ਵਾਲੇ ਕੇਸਾਂ ਵਿੱਚ ਗ੍ਰਿਫਤਾਰੀਆਂ ਨਾ ਕਰਨ ਵਾਲਾ ਗੁਨਾਹ ਵੀ ਸੁਖਬੀਰ ਨੇ ਕਬੂਲ ਕੀਤਾ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਚੋਰੀ ਹੋਈ ਬੀੜ ਲੱਭਣ ਵਿੱਚ ਆਪਣੀ ਨਾਕਾਮੀ ਉਸਨੇ ਖੁਦ ਮੰਨੀ ਸੀ। ਇਹੀ ਉਹ ਦੋਸ਼ ਸਨ ਜਿੰਨਾ ਬਦਲੇ ਉਸਨੂੰ ਪੰਜ ਸਿੰਘ ਸਾਹਿਬਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਸਜਾ ਸੁਣਾਈ ਸੀ, ਪਰ ਬਾਦ ਵਿੱਚ ਉਹ ਕੀਤੇ ਕਬੂਲਨਾਮੇ ਤੋਂ ਮੁਕਰ ਗਿਆ ਜਿਸ ਨਾਲ ਉਸਦੇ ਸਾਰੇ ਗੁਨਾਹ ਜਿਓਂ ਦੇ ਤਿਓਂ ਖੜੇ ਹਨ। ਸ੍ਰੀ ਅਕਾਲ ਤਖਤ ਸਾਹਿਬ 'ਤੇ ਪੰਜ ਸਿੰਘ ਸਾਹਿਬਾਨ ਦੀ ਹਾਜਗੀ ਵਿੱਚ ਮੰਨ ਕੇ ਮੁਕਰ ਜਾਣ ਨਾਲ ਉਹ ਹੋਰ ਵੀ ਵੱਡਾ ਗੁਨਾਹਗਾਰ ਅਤੇ ਗੁਰੂ ਦੀ ਹਜੂਰੀ ਵਿੱਚ ਝੂਠ ਬੋਲਣ ਵਾਲਾ ਸਾਬਤ ਹੋ ਚੁਕਿਆ ਹੈ। ਅਜਿਹੇ ਝੂਠੇ ਅਤੇ ਪਾਖੰਡੀ ਰਾਜਨੀਤਿਕ ਆਗੂ ਨਾਲ ਸਾਂਝ ਪਾ ਕੇ ਭਾਰਤੀ ਜਨਤਾ ਪਾਰਟੀ ਨੇ ਉਹ ਸਾਰੇ ਗੁਨਾਹਾਂ ਵਿੱਚ ਭਾਈਵਾਲੀ ਕਰ ਲਈ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੋ ਬੀਜੇਪੀ ਪੰਜਾਬ ਨੂੰ ਬਚਾਉਣ ਦੇ ਦਾਅਵਿਆਂ ਨਾਲ ਪੰਜਾਬ ਵਿੱਚ ਰਾਜਨੀਤਿਕ ਸਰਗਰਮੀਆਂ ਚਲਾ ਰਹੀ ਸੀ, ਉਸਨੇ ਇਕ ਪੰਜਾਬ ਅਤੇ ਸਿੱਖ ਵਿਰੋਧੀ ਧੜੇ ਨਾਲ ਗਠਜੋੜ ਕਰਕੇ ਆਪਣੇ ਪੰਜਾਬ ਬਚਾਉਣ ਦੇ ਦਾਅਵੇ ਦੀ ਆਪੇ ਹੀ ਫੂਕ ਕੱਢ ਦਿੱਤੀ ਹੈ। ਹੁਣ ਪੰਜਾਬ ਦੇ ਲੋਕ ਕਾਂਗਰਸ ਵਾਂਗ ਬੀਜੇਪੀ ਨੂੰ ਵੀ ਮੂੰਹ ਲਾਉਣ ਤੋਂ ਗੁਰੇਜ ਕਰਨਗੇ। ਇਸ ਨਾਪਾਕ ਸਿਆਸੀ ਗਠਜੋੜ ਨੇ ਪੰਜਾਬ ਵਿਰੋਧੀਆਂ ਦੇ ਚਿਹਰਿਆਂ ਤੋਂ ਨਕਾਬ ਉਤਾਰ ਦਿੱਤਾ ਹੈ। ਆਉਣ ਵਾਲੀਆਂ ਚੋਣਾ ਵਿੱਚ ਇਹਨਾਂ ਦੀ ਸ਼ਰਮਨਾਕ ਹਾਰ ਇਕ ਇਤਿਹਾਸ ਬਣੇਗੀ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਨੀਲੂ ਮਿੱਤਲ ਅਤੇ ਜੱਗਾ ਜਿੰਦਲ ਨੇ ਬੀਜੇਪੀ, ਅਕਾਲੀ ਦੇ ਚੌਣ ਸਮਝੌਤੇ ਦਾ ਕੀਤਾ ਸਵਾਗਤ

ਧੂਰੀ (ਰਣਜੀਤ ਸਿੰਘ ਪੇਧਨੀ)-ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਤੇ ਸ਼੍ਰੋਮਣੀ ਅਕਾਲੀ ਬਾਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਆਗੂ ਸ੍ਰੀ ਅਮਿਤ ਸ਼ਾਹ ਅਤੇ ਬੀਜੇਪੀ ਦੇ ਕੌਮੀ ਪ੍ਰਧਾਨ ਨਿਤਨ ਨਵੀਨ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਲਈ ਦੋਵਾ ਪਾਰਟੀਆਂ ਦਾ ਮਜਬੂਤ ਚੋਣ ਗੱਠਜੋੜ ਦਾ ਐਲਾਨ ਕੀਤਾ ਗਿਆ, ਐਲਾਨ ਹੁੰਦੇ ਹੀ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਦੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਬੀਜੇਪੀ ਦੇ ਜ਼ਿਲਾ ਸਪੋਕਸਮੈਨ ਕ੍ਰਿਸਨ ਗੋਪਾਲ ਨੀਲੂ ਮਿੱਤਲ, ਬੀਜੇਪੀ ਦੀ ਟਿਕਟ ਦੇ ਦਾਅਵੇਦਾਰ ਜਗਦੇਵ ਜਿੰਦਲ ਜੱਗਾ ਸਾਬਕਾ ਵਾਈਸ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ ਨੇ ਕਿਹਾ ਕਿ ਪਹਿਲਾਂ ਵੀ ਦੋ ਦਹਾਕੇ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਭਾਰਤੀ ਜਨਤਾ ਪਾਰਟੀ ਸਰਕਾਰ ਦਾ ਹਿੱਸਾ ਬਣ ਕਿ ਰਹੀ ਹੈ, ਇਸੇ ਹੀ ਤਹਿਤ ਭਾਰਤੀ ਜਨਤਾ ਪਾਰਟੀ ਦੇ ਕੌਮੀ ਆਗੂਆਂ ਵੱਲੋਂ ਦਰਿਆ ਦਿਲੀ ਦਿਖਾਉਂਦਿਆਂ ਹੋਇਆਂ ਵੱਡੇ ਭਰਾ ਦਾ ਰੁਤਬਾ ਦੇ ਕੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਸਾਂਝ ਨੂੰ ਮਜਬੂਤ ਕੀਤਾ ਹੈ। ਜਿਸ ਦਿਨ ਤੀਜੇ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਆਉਣਗੇ ਅਤੇ ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਭਾਰਤੀ ਜਨਤਾ ਪਾਰਟੀ ਦੀ ਸਾਂਝੀ ਸਰਕਾਰ ਬਣਾ ਕੇ ਇਤਿਹਾਸ ਬਣਾਉਣਗੇ ।



ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਤਾਰਾਗੜ੍ਹ ਵਿਖੇ ਤਪ ਅਸਥਾਨ ਸੰਤ ਬਾਬਾ ਸੋਹਣ ਸਿੰਘ ਗੁਰਦੁਆਰਾ ਸਾਹਿਬ ਤੋਂ

ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸਾਲ ਨਗਰ ਕੀਰਤਨ ਸਜਾਇਆ ਗਿਆ

ਜੰਡਿਆਲਾ ਗੁਰੂ 23 ਨਵੰਬਰ (ਕੁਲਵੰਤ ਸਿੰਘ ਵਿਰਦੀ) ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਤਪ ਅਸਥਾਨ ਸੰਤ ਬਾਬਾ ਸੋਹਣ ਸਿੰਘ ਪਿੰਡ ਤਾਰਾਗੜ੍ਹ ਵਿਖੇ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਵਿਸਾਲ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕਿ ਗੁਰਦੁਆਰਾ ਸਿੰਘ ਸਭਾ ਵਿਖੇ ਪਹੁੰਚਿਆ ਜਿੱਥੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਗ੍ਰੰਥੀ ਸਿੰਘ ਭਾਈ ਸੁੱਖਾ ਸਿੰਘ ਵੱਲੋਂ ਪੰਜਾਂ ਪਿਆਰਿਆ ਨੂੰ ਸਿਰਪਾਓ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਨਗਰ ਕੀਰਤਨ ਅੱਗੇ ਚਲਦਾ ਹੋਇਆ ਪਿੰਡ ਤਾਰਾਗੜ੍ਹ ਦੀ ਪ੍ਰਕਰਮਾ ਕਰਦਿਆਂ ਹੋਇਆ ਗੁਰਦੁਆਰਾ ਬਾਬਾ ਜੀਵਨ ਸਿੰਘ ਵਿਖੇ ਪਹੁੰਚਿਆ ਜਿਥੇ ਪ੍ਰਬੰਧਕ ਕਮੇਟੀ ਵਲੋਂ ਅਤੇ ਗ੍ਰੰਥੀ ਸਿੰਘ ਭਾਈ ਮਨਜੀਤ ਸਿੰਘ ਵੱਲੋਂ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਹੋਇਆ ਪੰਜਾਂ ਪਿਆਰਿਆ ਨੂੰ ਸਿਰਪਾਓ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਉਪਰੰਤ ਨਗਰ ਕੀਰਤਨ ਪ੍ਰਕਰਮਾ ਕਰਦਾ ਹੋਇਆ ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਵਿਖੇ ਪਹੁੰਚਿਆ ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗ੍ਰੰਥੀ ਸਿੰਘ ਭਾਈ ਕੁਲਵੰਤ ਸਿੰਘ ਜੀ ਵੱਲੋਂ ਭਰਵਾਂ ਸਵਾਗਤ ਕਰਦਿਆਂ ਹੋਇਆ ਪੰਜਾਂ ਪਿਆਰਿਆ ਨੂੰ ਸਿਰਪਾਓ ਅਤੇ ਗੁਰੂ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਆਈਆ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ! ਉਪਰੰਤ ਨਗਰ ਕੀਰਤਨ ਗੁਰਦੁਆਰਾ ਤਪ ਅਸਥਾਨ ਸੰਤ ਬਾਬਾ ਸੋਹਣ ਸਿੰਘ ਵਿਖੇ ਸਮਾਪਤ ਹੋਇਆ ! ਪਿੰਡ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆ ਹੋਇਆ ਵੱਖ-ਵੱਖ ਪੜਾਵਾਂ ਤੇ ਵੱਖ-ਵੱਖ ਪਦਾਰਥਾਂ ਦੇ ਲੰਗਰ ਲਗਾਏ ਗਏ ! ਅਤੇ ਨਗਰ ਕੀਰਤਨ ਵਿੱਚ ਛੋਟੇ ਛੋਟੇ ਬੱਚਿਆਂ ਨੇ ਸਿੱਖੀ ਪਹਿਰਾਵਾ ਪਹਿਣ ਕਿ ਹਾਜਰੀਆਂ ਭਰੀਆਂ ਅਤੇ ਸਮੂਹ ਸੰਗਤਾਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਸਬਦ ਗਾਇਨ ਕਰਕੇ ਨਗਰ ਕੀਰਤਨ ਦੀ ਸੋਭਾ ਵਧਾਈ !



ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਨੰਗਲ ਸਕੂਲ 'ਚ ਪੀਟੀਆਈ ਅਧਿਆਪਕ ਨੇ ਕੀਤਾ ਜੁਆਇਨ

ਮਹਿਤਾ ਚੌਕ, 24 ਨਵੰਬਰ (ਸੁਖਵੰਤ ਸਿੰਘ ਚੰਨਣਕੇ) ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵਿਖੇ ਕਾਫੀ ਲੰਬੇ ਅਰਸੇ ਬਾਅਦ ਖ਼ਾਲੀ ਪਈ ਪੋਸਟ ਉੱਪਰ ਪੀਟੀਆਈ ਅਧਿਆਪਕ ਸ ਦਵਿੰਦਰ ਸਿੰਘ ਮਾਨ ਨੇ ਜੁਆਇਨ ਕਰ ਲਿਆ। ਐੱਮ. ਏ., ਐੱਮ. ਫ਼ਿਲ. (ਫਿਜੀਕਲ ਐਜੂਕੇਸ਼ਨ) ਐਜੂਕੇਟਡ ਅਧਿਆਪਕ ਵੱਲੋਂ ਇਸ ਪੋਸਟ 'ਤੇ ਹਾਜ਼ਰੀ ਭਰਦੇ ਹੀ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਸ. ਕੁਲਦੀਪ ਸਿੰਘ, ਸ. ਨਰਿੰਦਰ ਸਿੰਘ ਰਾਏ ਵੱਲੋਂ ਉਹਨਾਂ ਨੂੰ "ਜੀ ਆਇਆਂ" ਕਿਹਾ ਗਿਆ ਅਤੇ ਸ. ਚਰਨਜੀਤ ਸਿੰਘ ਬੱਲ ਵੱਲੋਂ ਉਹਨਾਂ ਦੀ ਹਾਜ਼ਰੀ ਸਬੰਧੀ ਜ਼ਰੂਰੀ ਕਾਰਵਾਈ ਕਰਦਿਆਂ ਉਹਨਾਂ ਨੂੰ ਮੁਬਾਰਕਬਾਦ ਕ

ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਮੌਂਟਰੀਆਲ
ਅਤੇ
Waaris Punjab De CANADA

ਸਤਿਗੁਰੁ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ ॥
ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪੇ ਅੰਧੇਰੁ ਪਲੋਆ ॥

ਧੰਨ-ਧੰਨ
ਸ਼੍ਰੀ ਗੁਰੂ ਨਾਨਕ ਦੇਵ ਜੀ
ਦੇ
ਪ੍ਰਕਾਸ਼ ਪੁਰਬ
ਦੀ ਸਮੂਹ ਸੰਗਤਾਂ ਨੂੰ
ਲੱਖ-ਲੱਖ ਵਧਾਈਆਂ

ਜਾਰੀ ਕਰਤਾ

ਪਰਮਿੰਦਰ ਸਿੰਘ ਪਾਗਲੀ ਪ੍ਰਧਾਨ ਵਾਰਿਸ ਪੰਜਾਬ ਈਸਟ, ਜਸਵਿੰਦਰ ਸਿੰਘ ਮੁੱਖ ਸੇਵਾਦਾਰ ਪਾਰਕ ਐਕਸ, ਸੁਰਜੀਤ ਸਿੰਘ ਭਾਊ ਮੁੱਖ ਸੇਵਾਦਾਰ ਲਸਾਲ, ਨਰਿੰਦਰ ਸਿੰਘ ਮਿਨਹਾਸ, ਬਲਰਾਜ ਸਿੰਘ ਢਿੱਲੋ, ਬਲਵਿੰਦਰ ਸਿੰਘ, ਰਸਪਾਲ ਸਿੰਘ ਬਦੇਸਾ, ਸਰਬਜੀਤ ਸਿੰਘ ਮਿਨਹਾਸ, ਮੁਲਖ ਸਿੰਘ, ਜਰਨੈਲ ਸਿੰਘ, ਜਤਿੰਦਰ ਸਿੰਘ ਮੁਲਤਾਨੀ ਮੁੱਖ ਸੇਵਾਦਾਰ ਹਡਸਨ ਅਤੇ ਭਾਈ ਅਵਤਾਰ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲੀ-ਭਾਜਪਾ ਗੱਠਜੋੜ

ਸਿਆਸੀ ਸਾਂਝ ਤੋਂ ਵਧ ਕੇ ਪੰਜਾਬ ਦੇ ਪੁਨਰ-ਨਿਰਮਾਣ ਦਾ ਨਵਾਂ ਸੰਕਲਪ





ਸ਼੍ਰੋਮਣੀ ਅਕਾਲੀ ਦਲ ਦਾ ਮੁੜ ਐੱਨ.ਡੀ.ਏ. ਦਾ ਹਿੱਸਾ ਬਣਨਾ ਅਤੇ ਅਕਾਲੀ-ਭਾਜਪਾ ਗੱਠਜੋੜ ਦੀ ਪੁਨਰ-ਸਥਾਪਨਾ ਪੰਜਾਬ ਦੀ ਸਿਆਸਤ ਵਿੱਚ ਇੱਕ ਅਹਿਮ ਘਟਨਾਕ੍ਰਮ ਹੈ। ਕੀ ਇਹ ਗੱਠਜੋੜ ਸਿਰਫ਼ ਸੱਤਾ ਹਾਸਲ ਕਰਨ ਦਾ ਸਿਆਸੀ ਸਮਝੌਤਾ ਹੈ ਜਾਂ ਪੰਜਾਬ ਨੂੰ ਸੰਕਟ ਵਿੱਚੋਂ ਕੱਢ ਕੇ ਇਸ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਦਾ ਸਾਂਝਾ ਸੰਕਲਪ ਵੀ ਬਣ ਸਕਦਾ ਹੈ? ਤਾਂ ਇਸ ਦਾ ਜਵਾਬ ਇਹ ਕਿ ਇਸ ਦੀ ਅਹਿਮੀਅਤ ਚੋਣੀ ਸਮੀਕਰਨਾਂ ਤੋਂ ਕਿਤੇ ਵੱਧ ਹੈ, ਕਿਉਂਕਿ ਇਹ ਪੰਜਾਬ ਦੀ ਸਮਾਜਿਕ ਸਾਂਝ, ਆਰਥਿਕ ਤਰੱਕੀ ਅਤੇ ਪੰਥਕ ਸਰੋਕਾਰਾਂ ਨਾਲ ਵੀ ਜੁੜਿਆ ਹੋਇਆ ਹੈ।

ਅਕਾਲੀ-ਭਾਜਪਾ ਗੱਠਜੋੜ ਦੀਆਂ ਜੜ੍ਹਾਂ 1996 ਵਿੱਚ ਸਰਦਾਰ ਪ੍ਰਕਾਸ਼ ਸਿੰਘ ਬਾਦਲ ਅਤੇ ਸ੍ਰੀ ਅਟਲ ਬਿਹਾਰੀ ਵਾਜਪਾਈ ਦੀ ਅਗਵਾਈ ਹੇਠ ਪਈ ਉਸ ਸਿਆਸੀ ਸਾਂਝ ਵਿੱਚ ਹਨ, ਜਿਸ ਨੇ ਪੰਜਾਬ ਵਿੱਚ ਹਿੰਦੂ-ਸਿੱਖ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤੀ ਦਿੱਤੀ। ਇਹ ਰਿਸ਼ਤਾ ਮਹਿਜ਼ ਦੋ ਸਿਆਸੀ ਪਾਰਟੀਆਂ ਦਾ ਗੱਠਜੋੜ ਨਹੀਂ, ਸਗੋਂ ਪੰਜਾਬ ਦੀ ਸਾਂਝੀਵਾਲਤਾ ਅਤੇ ਸਮਾਜਿਕ ਤਾਣੇ-ਬਾਣੇ ਦਾ ਪ੍ਰਤੀਕ ਵੀ ਰਿਹਾ ਹੈ। ਇਸ ਦੀ ਪੁਨਰ-ਸਥਾਪਨਾ ਤੋਂ ਉਮੀਦ ਹੈ ਕਿ ਦੋਵੇਂ ਪਾਰਟੀਆਂ ਪੁਰਾਣੇ ਰਿਸ਼ਤਿਆਂ ਦੀ ਭਾਵਨਾ ਨੂੰ ਨਵੇਂ ਸਮੇਂ ਦੀਆਂ ਚੁਣੌਤੀਆਂ ਅਤੇ ਲੋੜਾਂ ਅਨੁਸਾਰ ਅੱਗੇ ਵਧਾਉਣਗੀਆਂ। ਇਹ ਨਹੁੰ-ਮਾਸ ਦਾ ਰਿਸ਼ਤਾ ਪੰਜਾਬ, ਦੇਸ਼ ਅਤੇ ਸਿੱਖ ਕੌਮ ਦੇ ਹਿੱਤਾਂ ਨਾਲ ਜੁੜਿਆ ਹੋਇਆ ਹੈ।

ਇਸ ਸਾਂਝ ਦੀ ਮੁੜ ਬਹਾਲੀ ਦਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਨਾਲ ਸੰਜੋਗ ਹੋਣਾ ਇਸ ਨੂੰ ਹੋਰ ਵੀ ਵਿਸ਼ੇਸ਼ ਅਤੇ ਭਾਵਨਾਤਮਕ ਮਹੱਤਵ ਦਿੰਦਾ ਹੈ। ਇਹ ਉਹੀ ਇਤਿਹਾਸਕ ਦਿਹਾੜਾ ਹੈ, ਜਿਸ ਨਾਲ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੇ ਉਦਘਾਟਨ ਦੀ ਯਾਦ ਜੁੜੀ ਹੋਈ ਹੈ। ਇਸੇ ਤਰ੍ਹਾਂ ਕਿਸਾਨੀ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਤਿੰਨ ਖੇਤੀ ਕਾਨੂੰਨ ਵਾਪਸ ਲੈਣ ਦਾ ਐਲਾਨ ਵੀ ਪੰਜਾਬ ਦੀ ਸਿਆਸੀ ਅਤੇ ਸਮਾਜਿਕ ਯਾਦ ਦਾ ਅਹਿਮ ਹਿੱਸਾ ਹੈ। ਇਸ ਇਤਿਹਾਸਕ ਸੰਜੋਗ ਨੂੰ ਸਿਰਫ਼ ਚੋਣ ਰਣਨੀਤੀ ਵਜੋਂ ਦੇਖਣ ਦੀ ਬਜਾਏ ਗੁਰੂ ਨਾਨਕ ਸਾਹਿਬ ਦੇ ਸਰਬੱਤ ਦੇ ਭਲੇ, ਸਾਂਝੀਵਾਲਤਾ ਅਤੇ ਮਨੁੱਖਤਾ ਦੇ ਸੰਦੇਸ਼ ਅਨੁਸਾਰ ਪੰਜਾਬ ਦੀ ਏਕਤਾ, ਅਮਨ, ਖ਼ੁਸ਼ਹਾਲੀ ਅਤੇ ਵਿਕਾਸ ਲਈ ਸਾਂਝੀ ਜ਼ਿੰਮੇਵਾਰੀ ਵਜੋਂ ਲੈਣਾ ਚਾਹੀਦਾ ਹੈ।

ਪੰਜਾਬ ਅੱਜ ਨਸ਼ਿਆਂ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਕਰਜ਼ੇ ਦੇ ਵਧਦੇ ਬੋਝ, ਉਦਯੋਗਿਕ ਖੜੋਤ, ਨਿਵੇਸ਼ ਦੀ ਘਾਟ, ਬੇਰੁਜ਼ਗਾਰੀ ਅਤੇ ਅਮਨ-ਕਾਨੂੰਨ ਦੀ ਮਾੜੀ ਸਥਿਤੀ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਅਜਿਹੇ ਸਮੇਂ ਅਕਾਲੀ ਦਲ ਦੇ ਪੇਂਡੂ, ਕਿਸਾਨੀ ਅਤੇ ਪੰਥਕ ਆਧਾਰ ਨੂੰ ਭਾਜਪਾ ਦੇ ਸ਼ਹਿਰੀ, ਵਪਾਰਕ, ਉਦਯੋਗਿਕ ਅਤੇ ਕੌਮੀ ਨੈੱਟਵਰਕ ਨਾਲ ਜੋੜਨਾ ਪੰਜਾਬ ਲਈ ਇੱਕ ਵੱਡੀ ਸੰਭਾਵਨਾ ਬਣ ਸਕਦਾ ਹੈ। ਇਹ ਗੱਠਜੋੜ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਮਜ਼ਬੂਤ ਸਾਂਝਾ ਬਦਲ ਵੀ ਉਭਾਰ ਸਕਦਾ ਹੈ।

ਕੇਂਦਰ ਵਿੱਚ ਮਜ਼ਬੂਤ ਐੱਨ.ਡੀ.ਏ. ਸਰਕਾਰ ਨਾਲ ਬਿਹਤਰ ਤਾਲਮੇਲ ਰਾਹੀਂ ਸੂਬੇ ਲਈ ਵਿਸ਼ੇਸ਼ ਆਰਥਿਕ ਸਹਾਇਤਾ, ਬੁਨਿਆਦੀ ਢਾਂਚੇ ਦਾ ਵਿਕਾਸ, ਨਵੇਂ ਨਿਵੇਸ਼ ਅਤੇ ਉਦਯੋਗਿਕ ਪੁਨਰ-ਸੁਰਜੀਤੀ ਦੇ ਰਾਹ ਖੁੱਲ੍ਹ ਸਕਦੇ ਹਨ। ਪੰਜਾਬ ਦੀ ਆਰਥਿਕਤਾ ਨੂੰ ਮੁੜ ਪੈਰਾਂ ਸਿਰ ਕਰਨ ਲਈ ਲੁਧਿਆਣਾ, ਜਲੰਧਰ, ਅੰਮ੍ਰਿਤਸਰ, ਮੰਡੀ ਗੋਬਿੰਦਗੜ੍ਹ ਅਤੇ ਬਟਾਲਾ ਵਰਗੇ ਉਦਯੋਗਿਕ ਕੇਂਦਰਾਂ ਨੂੰ ਨਵੀਂ ਤਾਕਤ ਦੇਣੀ ਹੋਵੇਗੀ। ਬਿਹਤਰ ਸੜਕਾਂ, ਰੇਲਵੇ ਸੰਪਰਕ, ਮਾਲ ਢੋਆ-ਢੁਆਈ, ਭਰੋਸੇਯੋਗ ਬਿਜਲੀ, ਉਦਯੋਗਿਕ ਨੀਤੀ ਅਤੇ ਕਾਰੋਬਾਰੀ ਸੁਰੱਖਿਆ ਰਾਹੀਂ ਨਿਵੇਸ਼ ਲਈ ਅਨੁਕੂਲ ਮਾਹੌਲ ਬਣਾਇਆ ਜਾ ਸਕਦਾ ਹੈ। ਖੇਤੀ ਆਧਾਰਿਤ ਉਦਯੋਗ, ਫੂਡ ਪ੍ਰੋਸੈਸਿੰਗ, ਤਕਨਾਲੋਜੀ, ਸੈਰ-ਸਪਾਟਾ ਅਤੇ ਨਿਰਮਾਣ ਖੇਤਰ ਪੰਜਾਬ ਦੀ ਆਰਥਿਕਤਾ ਨੂੰ ਨਵੇਂ ਸਿਰੇ ਤੋਂ ਮਜ਼ਬੂਤ ਕਰ ਸਕਦੇ ਹਨ। ਇਸ ਦੇ ਨਾਲ ਸੂਬੇ ਦੇ ਵਧਦੇ ਕਰਜ਼ੇ ਨਾਲ ਨਜਿੱਠਣ ਲਈ ਲੰਮੀ ਮਿਆਦ ਦੀ ਵਿੱਤੀ ਯੋਜਨਾ, ਆਮਦਨ ਦੇ ਨਵੇਂ ਸਰੋਤ ਅਤੇ ਖਰਚਿਆਂ ਦੀਆਂ ਤਰਜੀਹਾਂ ਤੈਅ ਕਰਨਾ ਵੀ ਲਾਜ਼ਮੀ ਹੈ।

2020 ਦੇ ਖੇਤੀ ਅੰਦੋਲਨ ਦੌਰਾਨ ਪੈਦਾ ਹੋਈ ਕੁੜੱਤਣ ਅਤੇ ਬੇਭਰੋਸਗੀ ਨੂੰ ਦੂਰ ਕਰਨਾ ਇਸ ਗੱਠਜੋੜ ਦੀ ਸਭ ਤੋਂ ਵੱਡੀ ਪ੍ਰੀਖਿਆ ਹੋਵੇਗੀ। ਕਿਸਾਨਾਂ ਦਾ ਭਰੋਸਾ ਸਿਰਫ਼ ਬਿਆਨਾਂ ਨਾਲ ਨਹੀਂ, ਸਗੋਂ ਠੋਸ ਨੀਤੀਆਂ ਅਤੇ ਅਮਲੀ ਫ਼ੈਸਲਿਆਂ ਨਾਲ ਜਿੱਤਿਆ ਜਾ ਸਕਦਾ ਹੈ। ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਬਾਰੇ ਸਪੱਸ਼ਟ ਨੀਤੀ, ਫ਼ਸਲੀ ਵਿਭਿੰਨਤਾ, ਖੇਤੀ ਲਾਗਤਾਂ ਵਿੱਚ ਕਮੀ, ਧਰਤੀ ਹੇਠਲੇ ਪਾਣੀ ਦੀ ਸੰਭਾਲ, ਕਿਸਾਨੀ ਕਰਜ਼ੇ ਅਤੇ ਖੇਤੀ ਆਧਾਰਿਤ ਉਦਯੋਗਾਂ ਨੂੰ ਤਰਜੀਹ ਦੇਣੀ ਹੋਵੇਗੀ। ਕਿਸਾਨ ਨੂੰ ਮਹਿਜ਼ ਅੰਨਦਾਤਾ ਨਹੀਂ, ਸਗੋਂ ਪੰਜਾਬ ਦੀ ਆਰਥਿਕਤਾ ਦਾ ਕੇਂਦਰੀ ਭਾਗੀਦਾਰ ਬਣਾਉਣਾ ਪਵੇਗਾ।

ਸਿੱਖ ਪੰਥਕ ਮਸਲਿਆਂ ਪ੍ਰਤੀ ਸੰਵੇਦਨਸ਼ੀਲਤਾ ਅਤੇ ਸਤਿਕਾਰ ਵੀ ਇਸ ਸਾਂਝ ਦੀ ਭਰੋਸੇਯੋਗਤਾ ਲਈ ਬੇਹੱਦ ਜ਼ਰੂਰੀ ਹਨ। ਬੰਦੀ ਸਿੰਘਾਂ ਦੀ ਰਿਹਾਈ, 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼, ਸਿੱਖ ਧਾਰਮਿਕ ਸੰਸਥਾਵਾਂ ਦੀ ਮਰਿਆਦਾ ਅਤੇ ਖ਼ੁਦਮੁਖਿਤਆਰੀ ਅਤੇ ਸਿੱਖ ਇਤਿਹਾਸ ਤੇ ਵਿਰਾਸਤ ਦਾ ਸਤਿਕਾਰ ਅਜਿਹੇ ਮੁੱਦੇ ਹਨ, ਜਿਨ੍ਹਾਂ ਉੱਤੇ ਗੰਭੀਰ ਸੰਵਾਦ ਅਤੇ ਠੋਸ ਕਾਰਵਾਈ ਦੀ ਲੋੜ ਹੈ। ਅਕਾਲੀ ਦਲ ਨੂੰ ਪੰਥਕ ਭਾਵਨਾਵਾਂ ਦੀ ਇਮਾਨਦਾਰ ਨੁਮਾਇੰਦਗੀ ਕਰਨੀ ਹੋਵੇਗੀ ਅਤੇ ਭਾਜਪਾ ਨੂੰ ਇਨ੍ਹਾਂ ਸਰੋਕਾਰਾਂ ਨੂੰ ਸਮਝਦਿਆਂ ਸੰਵਿਧਾਨਕ ਤੇ ਕਾਨੂੰਨੀ ਦਾਇਰੇ ਵਿੱਚ ਹੱਲ ਲਈ ਸਹਿਯੋਗ ਦੇਣਾ ਹੋਵੇਗਾ।

ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਬੇਹੱਦ ਸੰਵੇਦਨਸ਼ੀਲ ਮਸਲਾ ਹੈ। ਇਸ ਦੀ ਸ਼ੁਰੂਆਤ ਵਿੱਚ ਕੇਂਦਰ ਸਰਕਾਰ ਦੀ ਭੂਮਿਕਾ ਇਤਿਹਾਸਕ ਰਹੀ ਹੈ। ਸੁਰੱਖਿਆ ਹਾਲਾਤ ਅਨੁਕੂਲ ਹੋਣ 'ਤੇ ਇਸ ਨੂੰ ਮੁੜ ਖੋਲ੍ਹਣ ਲਈ ਯਤਨ ਹੋਣੇ ਚਾਹੀਦੇ ਹਨ, ਪਰ ਰਾਸ਼ਟਰੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਹੋ ਸਕਦਾ। ਸਰਹੱਦ ਪਾਰੋਂ ਨਸ਼ਿਆਂ, ਹਥਿਆਰਾਂ ਅਤੇ ਅੱਤਵਾਦੀ ਸਰਗਰਮੀਆਂ ਦੀਆਂ ਚੁਣੌਤੀਆਂ ਨੂੰ ਧਿਆਨ ਵਿੱਚ ਰੱਖਦਿਆਂ ਧਾਰਮਿਕ ਭਾਵਨਾਵਾਂ ਅਤੇ ਰਾਸ਼ਟਰੀ ਸੁਰੱਖਿਆ ਦੋਵਾਂ ਨੂੰ ਜ਼ਿੰਮੇਵਾਰੀ ਨਾਲ ਨਾਲ ਲੈ ਕੇ ਚੱਲਣਾ ਹੋਵੇਗਾ।

ਨਸ਼ਿਆਂ ਦਾ ਖ਼ਾਤਮਾ ਇਸ ਗੱਠਜੋੜ ਦੀਆਂ ਸਭ ਤੋਂ ਵੱਡੀਆਂ ਤਰਜੀਹਾਂ ਵਿੱਚ ਹੋਣਾ ਚਾਹੀਦਾ ਹੈ। ਪਿਛਲੇ ਸਮੇਂ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਨੇ ਨਸ਼ਾ ਮੁਕਤ ਪੰਜਾਬ ਦੇ ਵਾਅਦੇ ਕੀਤੇ। ਆਮ ਆਦਮੀ ਪਾਰਟੀ ਨੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦਾ ਦਾਅਵਾ ਕੀਤਾ ਸੀ, ਜਦਕਿ 2017 ਵਿੱਚ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਵੀ ਇਸ ਬੁਰਾਈ ਨੂੰ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ। ਪਰ ਪੰਜਾਬ ਅਜੇ ਵੀ ਇਸ ਸਮੱਸਿਆ ਨਾਲ ਜੂਝ ਰਿਹਾ ਹੈ। ਹੁਣ ਨਾਅਰਿਆਂ ਦੀ ਬਜਾਏ ਨਸ਼ਾ ਤਸਕਰੀ ਦੇ ਵੱਡੇ ਨੈੱਟਵਰਕ, ਉਨ੍ਹਾਂ ਦੀ ਵਿੱਤੀ ਸਪਲਾਈ, ਕਿਸੇ ਵੀ ਤਰ੍ਹਾਂ ਦੀ ਸਿਆਸੀ ਜਾਂ ਪ੍ਰਸ਼ਾਸਕੀ ਸਰਪ੍ਰਸਤੀ ਅਤੇ ਸਰਹੱਦ ਪਾਰੋਂ ਹੁੰਦੀ ਤਸਕਰੀ ਵਿਰੁੱਧ ਨਿਰਣਾਇਕ ਕਾਰਵਾਈ ਦੀ ਲੋੜ ਹੈ। ਨਸ਼ਾ ਪੀੜਤਾਂ ਦੇ ਇਲਾਜ, ਮੁੜ-ਵਸੇਬੇ ਅਤੇ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਦੀ ਵਿਵਸਥਾ ਵੀ ਇਸ ਮੁਹਿੰਮ ਦਾ ਅਹਿਮ ਹਿੱਸਾ ਹੋਣੀ ਚਾਹੀਦੀ ਹੈ।

ਇਸ ਦੇ ਨਾਲ ਜਵਾਨੀ ਨੂੰ ਪੰਜਾਬ ਵਿੱਚ ਹੀ ਰੋਜ਼ਗਾਰ ਅਤੇ ਤਰੱਕੀ ਦੇ ਮੌਕੇ ਦੇਣੇ ਹੋਣਗੇ। ਵਿਦੇਸ਼ਾਂ ਵੱਲ ਵਧਦਾ ਪਰਵਾਸ ਅਤੇ ਬੇਰੁਜ਼ਗਾਰੀ ਇਸ ਗੱਲ ਦਾ ਸੰਕੇਤ ਹਨ ਕਿ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਬਿਹਤਰ ਭਵਿੱਖ ਦੀ ਉਮੀਦ ਨਹੀਂ ਮਿਲ ਰਹੀ। ਸਿਰਫ਼ ਸਰਕਾਰੀ ਨੌਕਰੀਆਂ ਦੇ ਵਾਅਦਿਆਂ ਨਾਲ ਇਸ ਦਾ ਹੱਲ ਨਹੀਂ ਹੋ ਸਕਦਾ। ਸਰਕਾਰੀ ਸਿੱਖਿਆ ਸੰਸਥਾਵਾਂ ਦੀ ਗੁਣਵੱਤਾ, ਤਕਨੀਕੀ ਅਤੇ ਹੁਨਰ ਆਧਾਰਿਤ ਸਿੱਖਿਆ, ਉਦਯੋਗਿਕ ਸਿਖਲਾਈ, ਸਟਾਰਟਅੱਪ ਅਤੇ ਨਿੱਜੀ ਖੇਤਰ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕਰਨੇ ਹੋਣਗੇ। ਖੇਡਾਂ ਅਤੇ ਸੱਭਿਆਚਾਰਕ ਸਰਗਰਮੀਆਂ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡ ਪੱਧਰ 'ਤੇ ਵੀ ਢੁਕਵਾਂ ਢਾਂਚਾ ਬਣਾਉਣਾ ਪਵੇਗਾ।

ਅਮਨ-ਕਾਨੂੰਨ ਦੀ ਸਥਿਤੀ ਵਿੱਚ ਸੁਧਾਰ ਵੀ ਲੋਕਾਂ ਦੀ ਵੱਡੀ ਉਮੀਦ ਹੈ। ਗੈਂਗਸਟਰਵਾਦ, ਫਿਰੌਤੀਆਂ, ਗੋਲੀਬਾਰੀ, ਸੰਗਠਿਤ ਅਪਰਾਧ ਅਤੇ ਸਰਹੱਦ ਪਾਰੋਂ ਨਸ਼ਿਆਂ ਤੇ ਹਥਿਆਰਾਂ ਦੀ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਦੀ ਲੋੜ ਹੈ। ਕੇਂਦਰੀ ਸੁਰੱਖਿਆ ਏਜੰਸੀਆਂ ਅਤੇ ਪੰਜਾਬ ਪੁਲਿਸ ਵਿਚਕਾਰ ਬਿਹਤਰ ਤਾਲਮੇਲ ਇਸ ਦਿਸ਼ਾ ਵਿੱਚ ਲਾਭਕਾਰੀ ਹੋ ਸਕਦਾ ਹੈ। ਪੁਲਿਸ ਪ੍ਰਣਾਲੀ ਨੂੰ ਸਿਆਸੀ ਦਖ਼ਲ ਤੋਂ ਮੁਕਤ, ਜਵਾਬਦੇਹ ਅਤੇ ਪੇਸ਼ੇਵਰ ਬਣਾਉਣਾ ਵੀ ਲਾਜ਼ਮੀ ਹੈ। ਵਪਾਰੀਆਂ ਨੂੰ ਫਿਰੌਤੀ ਤੋਂ ਮੁਕਤੀ, ਮਹਿਲਾਵਾਂ ਨੂੰ ਸੁਰੱਖਿਆ ਅਤੇ ਆਮ ਨਾਗਰਿਕਾਂ ਨੂੰ ਕਾਨੂੰਨ ਦੇ ਰਾਜ ਦਾ ਭਰੋਸਾ ਮਿਲਣਾ ਚਾਹੀਦਾ ਹੈ।

ਪੰਜਾਬ ਦੀ ਭਾਸ਼ਾ, ਸੱਭਿਆਚਾਰ ਅਤੇ ਧਾਰਮਿਕ ਵਿਰਾਸਤ ਦੀ ਸੰਭਾਲ ਵੀ ਵਿਕਾਸ ਦੀ ਪਰਿਭਾਸ਼ਾ ਦਾ ਅਹਿਮ ਹਿੱਸਾ ਹੋਣੀ ਚਾਹੀਦੀ ਹੈ। ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਫ਼ਤਹਿਗੜ੍ਹ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਨੂੰ ਵਿਸ਼ਵ ਪੱਧਰੀ ਧਾਰਮਿਕ ਸੈਰ-ਸਪਾਟੇ ਨਾਲ ਜੋੜਨ ਦੇ ਨਾਲ ਪੰਜਾਬੀ ਭਾਸ਼ਾ ਨੂੰ ਸਿੱਖਿਆ, ਪ੍ਰਸ਼ਾਸਨ ਅਤੇ ਤਕਨਾਲੋਜੀ ਵਿੱਚ ਉਤਸ਼ਾਹਿਤ ਕਰਨਾ ਚਾਹੀਦਾ ਹੈ। ਪੰਜਾਬ ਦੀ ਲੋਕਧਾਰਾ, ਸੂਫ਼ੀ ਪਰੰਪਰਾ, ਗੁਰਮਤਿ ਵਿਰਾਸਤ ਅਤੇ ਕਲਾਵਾਂ ਦੀ ਸੰਭਾਲ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜੇਗੀ।

ਇਸ ਗੱਠਜੋੜ ਦਾ ਇੱਕ ਅਹਿਮ ਸਮਾਜਿਕ ਪੱਖ ਹਿੰਦੂ-ਸਿੱਖ ਭਾਈਚਾਰਕ ਸਾਂਝ ਦੀ ਮਜ਼ਬੂਤੀ ਹੈ। ਪੰਜਾਬ ਦੀ ਇਤਿਹਾਸਕ ਪਛਾਣ ਸਾਂਝੀ ਵਿਰਾਸਤ, ਆਪਸੀ ਸਤਿਕਾਰ ਅਤੇ ਮਿਲਵਰਤਣ ਨਾਲ ਬਣੀ ਹੈ। ਅਕਾਲੀ-ਭਾਜਪਾ ਸਾਂਝ ਨੂੰ ਇਸ ਵਿਰਾਸਤ ਦਾ ਰਾਜਨੀਤਿਕ ਪ੍ਰਤੀਕ ਬਣਨ ਦੇ ਨਾਲ-ਨਾਲ ਇਸ ਦੀ ਰਾਖੀ ਦੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ। 2020 ਦੇ ਖੇਤੀ ਅੰਦੋਲਨ ਦੌਰਾਨ ਪੈਦਾ ਹੋਈ ਕੁੜੱਤਣ ਅਤੇ ਬੇਭਰੋਸਗੀ ਨੂੰ ਦੂਰ ਕਰਨਾ ਵੀ ਇਸ ਸਾਂਝ ਦੀ ਅਹਿਮ ਕਸੌਟੀ ਹੋਵੇਗੀ। ਧਾਰਮਿਕ ਪਛਾਣਾਂ ਨੂੰ ਟਕਰਾਅ ਦਾ ਵਿਸ਼ਾ ਬਣਾਉਣ ਦੀ ਬਜਾਏ ਵੱਖ-ਵੱਖ ਭਾਈਚਾਰਿਆਂ ਵਿਚਕਾਰ ਭਰੋਸਾ ਵਧਾਉਣਾ ਸਮੇਂ ਦੀ ਲੋੜ ਹੈ। ਪੰਜਾਬ ਦੀ ਅਸਲ ਤਾਕਤ ਇਸ ਦੀ ਸਾਂਝੀਵਾਲਤਾ ਹੈ।


ਆਮ ਲੋਕ ਇਸ ਗੱਠਜੋੜ ਤੋਂ ਵੱਡੀਆਂ ਉਮੀਦਾਂ ਰੱਖਣਗੇ। ਕਿਸਾਨ ਨੂੰ ਫ਼ਸਲ ਦਾ ਲਾਹੇਵੰਦ ਮੁੱਲ ਅਤੇ ਕਰਜ਼ੇ ਤੋਂ ਰਾਹਤ, ਨੌਜਵਾਨ ਨੂੰ ਰੁਜ਼ਗਾਰ ਅਤੇ ਨਸ਼ਾ ਮੁਕਤ ਮਾਹੌਲ, ਵਪਾਰੀ ਨੂੰ ਸੁਰੱਖਿਆ, ਉਦਯੋਗਪਤੀ ਨੂੰ ਨਿਵੇਸ਼ ਲਈ ਅਨੁਕੂਲ ਨੀਤੀਆਂ, ਮੁਲਾਜ਼ਮ ਨੂੰ ਸਮੇਂ ਸਿਰ ਤਨਖ਼ਾਹ ਅਤੇ ਬਣਦੇ ਵਿੱਤੀ ਲਾਭ, ਮਹਿਲਾਵਾਂ ਨੂੰ ਸੁਰੱਖਿਆ ਅਤੇ ਆਮ ਪਰਿਵਾਰ ਨੂੰ ਚੰਗੀ ਸਿੱਖਿਆ ਤੇ ਸਿਹਤ ਸਹੂਲਤਾਂ ਚਾਹੀਦੀਆਂ ਹਨ। ਲੋਕਾਂ ਨੂੰ ਸਿਰਫ਼ ਸਰਕਾਰ ਬਦਲਣ ਦੀ ਨਹੀਂ, ਸਗੋਂ ਆਪਣੀ ਜ਼ਿੰਦਗੀ ਵਿੱਚ ਠੋਸ ਸੁਧਾਰ ਦੀ ਉਮੀਦ ਹੋਵੇਗੀ।

ਕਿਸੇ ਵੀ ਸਿਆਸੀ ਗੱਠਜੋੜ ਦੀ ਮਜ਼ਬੂਤੀ ਸਿਰਫ਼ ਆਗੂਆਂ ਦੀਆਂ ਮੁਲਾਕਾਤਾਂ ਜਾਂ ਚੋਣ ਸਮਝੌਤਿਆਂ ਨਾਲ ਤੈਅ ਨਹੀਂ ਹੁੰਦੀ। ਇਸ ਲਈ ਸਪੱਸ਼ਟ ਨੀਤੀ, ਆਪਸੀ ਭਰੋਸਾ, ਸੰਗਠਨਾਤਮਕ ਤਾਲਮੇਲ ਅਤੇ ਸਾਂਝੀ ਜਵਾਬਦੇਹੀ ਲਾਜ਼ਮੀ ਹੈ। ਸੀਟਾਂ ਦੀ ਵੰਡ, ਅਗਵਾਈ ਅਤੇ ਚੋਣ ਪ੍ਰਚਾਰ ਵਰਗੇ ਅੰਦਰੂਨੀ ਮਸਲਿਆਂ ਨੂੰ ਪਰਿਪੱਕਤਾ ਅਤੇ ਆਪਸੀ ਸਹਿਮਤੀ ਨਾਲ ਸੁਲਝਾਉਣਾ ਹੋਵੇਗਾ। ਦੋਹਾਂ ਪਾਰਟੀਆਂ ਨੂੰ ਆਪਣੇ-ਆਪਣੇ ਸਮਰਥਕਾਂ ਵਿੱਚ ਭਰੋਸਾ ਪੈਦਾ ਕਰਨ ਦੇ ਨਾਲ ਇੱਕ-ਦੂਜੇ ਦੇ ਵੋਟਰ ਆਧਾਰ ਦਾ ਸਤਿਕਾਰ ਵੀ ਕਰਨਾ ਪਵੇਗਾ।

ਸਭ ਤੋਂ ਅਹਿਮ ਗੱਲ ਇਹ ਹੈ ਕਿ ਪੰਜਾਬ ਦੇ ਲੋਕਾਂ ਸਾਹਮਣੇ ਇੱਕ ਸਮਾਂਬੱਧ ਅਤੇ ਮਾਪਣਯੋਗ ਰੋਡਮੈਪ ਰੱਖਿਆ ਜਾਵੇ, ਜਿਸ ਵਿੱਚ ਨਸ਼ਾ ਮੁਕਤੀ, ਰੋਜ਼ਗਾਰ, ਕਿਸਾਨੀ, ਉਦਯੋਗ, ਸਿੱਖਿਆ, ਸਿਹਤ, ਪੰਥਕ ਸਰੋਕਾਰਾਂ ਅਤੇ ਅਮਨ-ਕਾਨੂੰਨ ਬਾਰੇ ਸਪੱਸ਼ਟ ਟੀਚੇ ਹੋਣ। ਇਨ੍ਹਾਂ ਟੀਚਿਆਂ ਦੀ ਪ੍ਰਾਪਤੀ ਲਈ ਬਜਟ, ਸਮਾਂ-ਸੀਮਾ ਅਤੇ ਜਵਾਬਦੇਹੀ ਵੀ ਤੈਅ ਹੋਵੇ।

ਅਕਾਲੀ-ਭਾਜਪਾ ਗੱਠਜੋੜ ਲਈ ਇਹ ਮੌਕਾ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਨ ਤੋਂ ਕਿਤੇ ਵੱਧ ਅਹਿਮ ਹੈ। ਇਸ ਨੂੰ 1996 ਦੀ

ਗੁਰਮੁਖਿ ਕਲਿ ਵਿਚਿ ਪਰਗਟੁ ਹੋਆ ॥



ਗੁਰੂ ਪਿਆਰੀ ਸਾਧ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ ।।

ਰਾਇ ਭੋਇ ਦੀ ਤਲਵੰਡੀ (ਮੌਜੂਦਾ ਸ੍ਰੀ ਨਨਕਾਣਾ ਸਾਹਿਬ, ਪਾਕਿਸਤਾਨ) ਵਿਖੇ ਪਿਤਾ ਕਲਿਆਣ ਦਾਸ (ਮਹਿਤਾ ਕਾਲੂ) ਜੀ ਅਤੇ ਮਾਤਾ ਤ੍ਰਿਪਤਾ ਜੀ ਦੇ ਗ੍ਰਿਹ ਵਿਖੇ ਅਕਾਲ ਪੁਰਖ ਖੁਦ ਨਿਰਗੁਣ ਤੋਂ ਸਰਗੁਣ ਸਰੂਪ ਧਾਰ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ ਵਿੱਚ ਜਗਤ ਜਲੰਦੇ ਨੂੰ ਤਾਰਨ ਲਈ ਪ੍ਰਗਟ ਹੋਏ। ਆਪ ਜੀ ਨੇ ਸੱਤ ਦੀਪ ਨੌਂ ਖੰਡਾਂ ਵਿਚ ਸਤਿਨਾਮੁ ਦਾ ਜਾਪ ਜਪਾ ਕੇ ਲੋਕਾਈ ਨੂੰ ਤਾਰਿਆ। ਆਪ ਜੀ ਨੇ ਸਭ ਧਰਮਾਂ ਦਾ ਸਤਿਕਾਰ ਕਰਦਿਆਂ, ਪਾਖੰਡਵਾਦ ਦਾ ਖੰਡਨ ਕਰਦਿਆਂ ਸੱਚ ਧਰਮ ਉੱਪਰ ਚੱਲਣ ਲਈ ਸਰਬ ਸਾਂਝਾ ਉਪਦੇਸ਼ ਦਿੱਤਾ।ਆਪ ਜੀ ਨੇ ਜਾਤ-ਪਾਤ, ਛੂਆ-ਛੂਤ, ਕਰਮਕਾਂਡਾਂ ਅਤੇ ਹਰ ਤਰ੍ਹਾਂ ਦੀਆਂ ਧਾਰਮਿਕ, ਰਾਜਸੀ, ਸਮਾਜਿਕ ਕੁਰੀਤੀਆਂ ਦਾ ਡਟ ਕੇ ਵਿਰੋਧ ਕੀਤਾ, ਜਿਸ ਕਰਕੇ ਆਪ ਜੀ ਨੂੰ ਸਿੱਖ ਧਰਮ ਦੇ ਬਾਨੀ ਹੋਣ ਦੇ ਬਾਵਜੂਦ ਵੀ ਸਭ ਧਰਮਾਂ ਦੇ ਲੋਕ ਆਪਣਾ ਗੁਰੂ, ਪੀਰ, ਰਹਿਬਰ, ਔਲੀਆ ਮੰਨਦੇ ਹਨ। ਭਾਈ ਗੁਰਦਾਸ ਜੀ ਅਨੁਸਾਰ ਆਪ ਜੀ "ਜਾਹਰੁ ਪੀਰ ਜਗਤੁ ਗੁਰੁ ਬਾਬਾ" ਹਨ। ਆਪ ਜੀ ਨੇ ਰੱਬੀ ਬਾਣੀ ਦੇ ਪਵਿੱਤਰ ਸ਼ਬਦ ਉਚਾਰਨ ਕਰਕੇ ਬਰਾਬਰਤਾ, ਚੰਗਿਆਈ ਅਤੇ ਭਾਈਚਾਰਕ ਸਾਂਝ ਵਾਲਾ ਅਨੋਖਾ ਰੂਹਾਨੀ, ਸਮਾਜਿਕ ਅਤੇ ਰਾਜਸੀ ਮਾਹੌਲ ਸਿਰਜਿਆ। ਆਪਣੇ ਪਰਮ ਪਿਆਰੇ ਸੇਵਕ ਭਾਈ ਮਰਦਾਨਾ ਜੀ ਰਾਹੀਂ ਕੀਰਤਨ ਦੀ ਅਮੋਲਕ ਦਾਤ ਸੰਸਾਰ ਨੂੰ ਬਖਸ਼ਿਸ਼ ਕੀਤੀ। ਸਰਬ ਮਨੁੱਖਤਾ ਦੇ ਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਅਸੀਂ ਸਮੁੱਚੀ ਮਾਨਵਤਾ ਨੂੰ ਵਧਾਈਆਂ ਦਿੰਦੇ ਹਾਂ।



--★ ਗੁਰੂ ਪੰਥ ਦਾ ਸੇਵਾਦਾਰ ★--

ਸ. ਗੁਰਜੰਟ ਸਿੰਘ

ਇੰਟਰਨੈਸ਼ਨਲ ਅਦਾਰਾ
ਆਵਾਜ਼ਿ ਕੌਮ ਟੀਵੀ UK

ਸੇਂਟ ਸੋਲਜਰ ਸਕੂਲ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ

ਪ੍ਰਕਾਸ਼ ਪੁਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ



ਜੰਡਿਆਲਾ ਗੁਰੂ 24 ਨਵੰਬਰ (ਕੁਲਵੰਤ ਸਿੰਘ ਵਿਰਦੀ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਸਿੱਖ ਧਰਮ ਦੇ ਮੋਢੀ, ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਣ ਲਈ ਪ੍ਰੇਰਿਤ ਕਰਦੀਆਂ ਡਾ: ਮੰਗਲ ਸਿੰਘ ਕਿਸ਼ਨਪੁਰੀ

ਇਸ ਪਵਿੱਤਰ ਮੌਕੇ 'ਤੇ ਸਕੂਲ ਦੇ ਗੁਰਦੁਆਰਾ ਸਾਹਿਬ ਵਿੱਚ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੀ ਸ਼ਰਧਾ ਨਾਲ ਸ਼ਬਦ ਕੀਰਤਨ ਕੀਤਾ।ਬੱਚਿਆਂ ਵੱਲੋਂ ਗੁਰਬਾਣੀ ਦੇ ਸ਼ਬਦਾਂ ਦਾ ਰਸਭਿੰਨਾ ਗਾਇਨ ਕਰਕੇ ਸਮੁੱਚੇ ਮਾਹੌਲ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ ਗਿਆ। ਵਿਦਿਆਰਥੀਆਂ ਨੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦੇ ਮਹਾਨ ਜੀਵਨ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ ਮੰਗਲ ਸਿੰਘ ਕਿਸ਼ਨਪੁਰੀ ਜੀ ਵੱਲੋਂ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੇ ਗਏ ਤਿੰਨ ਮਹਾਨ ਉਪਦੇਸ਼ਾਂ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੀ ਮਹੱਤਤਾ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਣ ਲਈ ਪ੍ਰੇਰਿਤ ਕਰਦੀਆਂ ਹਨ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ 'ਤੇ ਚੱਲਣ, ਸੱਚਾਈ, ਨਿਮਰਤਾ, ਆਪਸੀ ਭਾਈਚਾਰੇ ਅਤੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੱਤਾ ।ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਨੂੰ ਆਪਣੇ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨਾ ਅਤੇ ਉਨ੍ਹਾਂ ਦੇ ਮਨਾਂ ਵਿੱਚ ਸੇਵਾ, ਸਿਮਰਨ, ਸਮਾਨਤਾ ਅਤੇ ਪਿਆਰ ਦੀ ਭਾਵਨਾ ਪੈਦਾ ਕਰਨਾ ਸੀ ।ਸਮੁੱਚਾ ਸਮਾਗਮ ਸ਼ਰਧਾ ਅਤੇ ਅਧਿਆਤਮਿਕਤਾ ਨਾਲ ਭਰਪੂਰ ਰਿਹਾ।

ਖੁਸ਼ਹਾਲ ਪੰਜਾਬ' ਮਹਾਂਰੈਲੀ ਪੰਜਾਬ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦਾ ਮੁੱਢ ਬੰਨੇਗੀ : ਕਾਂਝਲਾ

ਧੂਰੀ (ਰਣਜੀਤ ਸਿੰਘ ਪੇਧਨੀ) ਆਮ ਆਦਮੀ ਪਾਰਟੀ ਵੱਲੋਂ 26 ਨਵੰਬਰ, ਦਿਨ ਵੀਰਵਾਰ ਨੂੰ ਪਿੰਡ ਮਟਵਾਣੀ, ਜ਼ਿਲ੍ਹਾ ਮੋਗਾ ਵਿਖੇ ਹੋਣ ਜਾ ਰਹੀ 'ਖੁਸ਼ਹਾਲ ਪੰਜਾਬ' ਮਹਾਂਰੈਲੀ ਪੰਜਾਬ ਦੀ ਸਿਆਸਤ ਵਿੱਚ ਨਵਾਂ ਜੋਸ਼ ਭਰੇਗੀ ਅਤੇ ਸੂਬੇ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦਾ ਮੁੱਢ ਬੰਨੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ, ਹਰਜਿੰਦਰ ਸਿੰਘ





ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿਸ਼ਾਲ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਜਿਸ ਦੀ ਝਲਕ ਮੋਗਾ ਹੋਣ ਵਾਲੀ ਰੈਲੀ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਨੇਤਾਵਾਂ ਅਤੇ ਪਾਰਟੀ ਹਾਈਕਮਾਨ ਦੇ ਪ੍ਰਮੁਖ ਆਗੂਆਂ ਦੇ ਪਹੁੰਚਣ ਦੀ ਉਮੀਦ ਹੈ, ਜਿਸ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ, ਸਿੱਖਿਆ, ਸਿਹਤ, ਬੁਨਿਆਦੀ ਸਹੂਲਤਾਂ ਅਤੇ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਪਾਰਟੀ ਦੀ ਲੋਕਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ ਕਿ 'ਖੁਸ਼ਹਾਲ ਪੰਜਾਬ' ਮਹਾਂਰੈਲੀ ਲੋਕਾਂ ਨਾਲ ਸੰਵਾਦ ਅਤੇ ਵਿਕਾਸ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਦਾ ਮੰਚ ਬਣੇਗੀ ਅਤੇ ਪੰਜਾਬ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗੀ ਜਿਸ ਦਾ ਸਾਰਾ ਸੇਹਰਾ ਸਭ ਦੇ ਹਰਮਨ ਪਿਆਰੇ ਮੁੱਖ ਮੰਤਰੀ ਸ੍ਰ ਭਗਵੰਤ ਮਾਨ ਜੀ ਨੂੰ ਜਾਂਦਾ ਹੈ !

ਬੀਜੇਪੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਸਮਝੌਤੇ ਨੇ ਵਿਰੋਧੀ ਪਾਰਟੀਆਂ ਦੀ ਉਡਾਈ ਨੀਂਦ ਰਣਜੀਤ ਸਿੰਘ ਰੰਧਾਵਾ ਕਾਤਰੋਂ

ਧੂਰੀ (ਰਣਜੀਤ ਸਿੰਘ ਪੇਧਨੀ) ਸ਼੍ਰੋਮਣੀ ਅਕਾਲੀ ਦਲ ਦੇ ਧੂਰੀ ਤੋਂ ਹਲਕਾ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਨੇ ਸ਼੍ਰੋਮਣੀ ਅਕਾਲੀ ਦਲ , ਭਾਰਤੀ ਜਨਤਾ ਪਾਰਟੀ ਦੇ ਚੋਣ ਸਮਝੌਤੇ ਦਾ ਸਵਾਗਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਅਤੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਆਗੂਆਂ ਨੇ ਦਿਲ ਦਰਿਆਈ ਦਿਖਾਉਂਦਿਆਂ ਹੋਇਆਂ ਵੱਡੇ ਭਰਾ ਦਾ ਰੁਤਬਾ ਦੇ ਕੇ ਸਮਝੌ ਉੱਤੇ ਵਿੱਚ ਪਹਿਲ ਕਦਮੀ ਕੀਤੀ ਹੈ ਜਿਸ ਦਾ ਪੂਰੇ ਪੰਜਾਬ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਦੇ ਵਿੱਚ ਖੁਸ਼ੀ ਦੀ ਲਹਿਰ ਹੈ ਉਹਨਾਂ ਕਿਹਾ ਕਿ ਇਹ ਸਮਝੌਤਾ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਸਰਕਾਰ ਬਣਾਉਣ ਦਾ ਮੁੱਢ ਬੰਨਣ ਦਾ ਕੰਮ ਕਰੇਗੀ ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪੀਏਸੀ ਮੈਬਰ ਉੱਘੇ ਸਮਾਜ ਸੇਵੀ ਦੀਪਇੰਦਰ ਸਿੰਘ ਬਰਾੜ, ਜਗਰੂਪ ਸਿੰਘ ਧੂਰੀ, ਗੁਰਦਿਆਲ ਸਿੰਘ ਕਾਂਝਲਾ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਨਿਰਭੈ ਸਿੰਘ ਹੇੜੀਕੇ, ਜਗਰੂਪ ਸਿੰਘ ਲੱਡਾ, ਅਮਰੀਕ ਸਿੰਘ ਬਰੜਵਾਲ, ਪਰਮਜੀਤ ਸਿੰਘ ਧੂਰਾ, ਹਰਨੇਕ ਸਿੰਘ ਦੀਵਾਨਾ, ਰੋਸਮ ਸਿੰਘ ਬਾਲੀਆ ਮੈਬਰ ਬਲਾਕ ਸੰਮਤੀ, ਦਰਸਨ ਸਿੰਘ ਕਾਂਝਲਾ, ਬਿਰਜ ਲਾਲ ਕਾਂਝਲਾ, ਕਰਮਜੀਤ ਸਿੰਘ ਪੁੰਨਾਵਾਲ ਯੂਥ ਪ੍ਰਧਾਨ, ਰਮਨ ਕੱਕੜਵਾਲ ਹਾਜਰ ਸਨ।

ਅਕਾਲੀ-ਭਾਜਪਾ ਗੱਠਜੋੜ ਦੀ ਖੁਸ਼ੀ 'ਚ ਰਾਣੀ ਝਾਂਸੀ ਚੌਕ 'ਚ ਗੂੰਜਿਆ ਜਸ਼ਨ, ਲੱਡੂ ਵੰਡਕੇ ਮਨਾਈ ਖੁਸ਼ੀ

ਗੱਠਜੋੜ ਪੰਜਾਬ ਦੇ ਹਿੱਤਾਂ ਲਈ ਸ਼ੁੱਭ ਸ਼ਗਨ: ਐਸ.ਆਰ ਕਲੇਰ/ਰਜਿੰਦਰ ਸ਼ਰਮਾ

ਜਗਰਾਉਂ/ਲੁਧਿਆਣਾ (ਵਰਿਆਮ ਹਠੂਰ) : ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਰਮਿਆਨ ਮੁੜ ਗੱਠਜੋੜ ਹੋਣ ਦੀ ਖੁਸ਼ੀ ਵਿੱਚ ਦੋਵਾਂ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਹਿਰ ਦੇ ਰਾਣੀ ਝਾਂਸੀ ਚੌਕ ਵਿੱਚ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਦੋਵਾਂ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਦੀ ਵੱਡੀ ਸ਼ਮੂਲੀਅਤ ਨੇ ਸਿਆਸੀ ਹਲਕਿਆਂ ਵਿੱਚ ਨਵੀਂ ਚਰਚਾ ਛੇੜ ਦਿੱਤੀ। ਇਸ ਨੂੰ ਦੋਵਾਂ ਪਾਰਟੀਆਂ ਵੱਲੋਂ ਇਕਜੁੱਟਤਾ ਦੇ ਪ੍ਰਗਟਾਵੇ ਅਤੇ ਸ਼ਕਤੀ ਪ੍ਰਦਰਸ਼ਨ ਵਜੋਂ ਵੀ ਦੇਖਿਆ ਜਾ ਰਿਹਾ ਹੈ ।ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਵਿਧਾਇਕ ਐਸ.ਆਰ. ਕਲੇਰ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਸ਼ਰਮਾ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਦੌਰਾਨ ਦੋਵਾਂ ਪਾਰਟੀਆਂ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਇਕ-ਦੂਜੇ ਨੂੰ ਵਧਾਈਆਂ ਦਿੱਤੀਆਂ ਅਤੇ ਲੱਡੂ ਵੰਡ ਕੇ ਗੱਠਜੋੜ ਦਾ ਸਵਾਗਤ ਕੀਤਾ। ਦੋਵਾਂ ਪਾਰਟੀਆਂ ਦੇ ਆਗੂਆਂ ਦੀ ਇਕ ਮੰਚ 'ਤੇ ਮੌਜੂਦਗੀ ਨੇ ਸਿਆਸੀ ਸਾਂਝ ਦੇ ਨਵੇਂ ਸਮੀਕਰਨਾਂ ਦਾ ਸੰਕੇਤ ਦਿੱਤਾ।ਇਸ ਮੌਕੇ ਐਸ.ਆਰ. ਕਲੇਰ ਨੇ ਕਿਹਾ ਕਿ ਅਕਾਲੀ ਦਲ ਅਤੇ ਭਾਜਪਾ ਦਾ ਗੱਠਜੋੜ ਪੰਜਾਬ ਦੇ ਹਿੱਤਾਂ ਲਈ ਸ਼ੁੱਭ ਸ਼ਗਨ ਹੈ। ਉਨ੍ਹਾਂ ਕਿਹਾ ਕਿ ਇਹ ਸਾਂਝ ਸਿਰਫ਼ ਸਿਆਸੀ ਗੱਠਜੋੜ ਹੀ ਨਹੀਂ, ਸਗੋਂ ਹਿੰਦੂ-ਸਿੱਖ ਭਾਈਚਾਰੇ ਦੀ ਆਪਸੀ ਸਾਂਝ, ਭਾਈਚਾਰਕ ਏਕਤਾ ਅਤੇ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਾਲਾ ਕਦਮ ਵੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਦੋਵਾਂ ਪਾਰਟੀਆਂ ਦੀ ਸਾਂਝ ਪੰਜਾਬ ਦੀ ਸਿਆਸਤ ਵਿੱਚ ਨਵੀਂ ਦਿਸ਼ਾ ਤੈਅ ਕਰੇਗੀ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਸ਼ਰਮਾ ਨੇ ਕਿਹਾ ਕਿ ਅਕਾਲੀ-ਭਾਜਪਾ ਗੱਠਜੋੜ ਨਾਲ ਸੂਬੇ ਦੇ ਸਰਬਪੱਖੀ ਵਿਕਾਸ ਦੇ ਰਾਹ ਪੱਧਰੇ ਹੋਣਗੇ। ਉਨ੍ਹਾਂ ਕਿਹਾ ਕਿ ਡਬਲ ਇੰਜਣ ਦੀ ਸਰਕਾਰ ਸੂਬੇ ਵਿੱਚ ਵਿਕਾਸ, ਖੁਸ਼ਹਾਲੀ ਅਤੇ ਲੋਕ ਭਲਾਈ ਦੇ ਨਵੇਂ ਅਧਿਆਏ ਦੀ ਸ਼ੁਰੂਆਤ ਕਰੇਗੀ। ਇਸ ਮੌਕੇ ਦੋਵਾਂ ਪਾਰਟੀਆਂ ਦੇ ਆਗੂਆਂ ਨੇ ਗੱਠਜੋੜ ਨੂੰ ਮਜ਼ਬੂਤ ਕਰਨ ਅਤੇ ਭਵਿੱਖ ਵਿੱਚ ਮਿਲ ਕੇ ਸਿਆਸੀ ਸਰਗਰਮੀਆਂ ਚਲਾਉਣ ਦਾ ਸੰਕਲਪ ਵੀ ਪ੍ਰਗਟਾਇਆ। ਇਸ ਮੌਕੇ ਐੱਸ.ਜੀ.ਪੀ.ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਜ਼ਿਲਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚੱਕਰ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ





ਗਿੱਦੜਵਿੰਡੀ, ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨੀਆਂ , ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਵਪਾਰੀ ਵਿੰਗ ਹਲਕਾ ਪ੍ਰਧਾਨ ਹਰਦੇਵ ਸਿੰਘ ਬੋਬੀ, ਯੂਥ ਆਗੂ ਵਰਿੰਦਰਪਾਲ ਸਿੰਘ ਪਾਲੀ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ ਚਕਰ, ਐਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ , ਬੀ ਸੀ ਵਿੰਗ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਯੂਥ ਆਗੂ ਜੱਟ ਗਰੇਵਾਲ, ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਸੀਨੀਅਰ ਅਕਾਲੀ ਆਗੂ ਜਗਰੂਪ ਸਿੰਘ ਕੋਠੇ ਅੱਠ ਚੱਕ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਸੇਖੋਂ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਸੀਨੀਅਰ ਅਕਾਲੀ ਆਗੂ ਜਸਵੀਰ ਸਿੰਘ ਦੇਹੜਕਾ, ਸੀਨੀਅਰ ਅਕਾਲੀ ਆਗੂ ਅਮਰਜੀਤ ਸਿੰਘ ਗਸੂਲਪੁਰ, ਸੀਨੀਅਰ ਅਕਾਲੀ ਆਗੂ ਬੂਟਾ ਸਿੰਘ ਭੰਮੀਪੁਰਾ, ਜਨਰਲ ਕੌਂਸਲ ਮਲਕੀਤ ਸਿੰਘ ਹਠੂਰ, ਹਰਦੀਪ ਸਿੰਘ ਮਾਣੂੰਕੇ ,ਜਨਰਲ ਕੌਂਸਲ ਮਹਿੰਦਰਜੀਤ ਸਿੰਘ ਵਿੱਕੀ, ਜਨਰਲ ਕੌਂਸਲ ਸੁਖਬੀਰ ਸਿੰਘ ਰਾਜੂ ਡਾਂਗੀਆ, ਨਰੇਸ਼ ਕੁਮਾਰ, ਪਰਮਿੰਦਰ ਸਿੰਘ ਕੋਠੇ ਫਤਹਿਦੀਨ, ਗੁਰਸਰਨ ਸਿੰਘ ਜਗਰਾਓਂ, ਅਵਤਾਰ ਸਿੰਘ ਬਿੱਲਾ ਪੱਲੇਦਾਰ ਯੂਨੀਅਨ ਸੂਬਾ ਪ੍ਰਧਾਨ, ਜਥੇਦਾਰ ਜਸਦੇਵ ਸਿੰਘ ਲੀਲਾ, ਬਲਾਕ ਸੰਮਤੀ ਮੈਂਬਰ ਬਿੱਟੂ ਲੰਮੇ, ਨੰਬਰਦਾਰ ਕਾਕਾ ਲੰਮੇ, ਨੰਬਰਦਾਰ ਸਤਨਾਮ ਸਿੰਘ ਬੱਸੂਵਾਲ, ਹਨੀ ਗੋਇਲ, ਪ੍ਰਧਾਨ ਜਗਜੀਤ ਸਿੰਘ ਡੱਲ੍ਹਾ, ਚੇਤਨ ਸਿੰਘ ਚਕਰ ਯੂਥ ਪ੍ਰਧਾਨ, ਸੁੱਖੂ ਜਗਰਾਓਂ ਯੂਥ ਪ੍ਰਧਾਨ, ਜਗਤਾਰ ਸਿੰਘ ਕੋਠੇ ਅੱਠ ਚੱਕ, ਗੁਰਮੀਤ ਸਿੰਘ ਜਗਰਾਓਂ ਡਾਕਟਰ, ਸਰਬਜੀਤ ਸਿੰਘ ਗਰਚਾ, ਅਰਸ਼ ਡੱਲਾ, ਗੁਰਵੀਰ ਸਿੰਘ ਸਰਾਂ ਡੱਲ੍ਹਾ, ਸਾਬਕਾ ਸਰਪੰਚ ਕਰਮਜੀਤ ਕੋਠੇ ਸ਼ੇਰਜੰਗ, ਮਿੰਟੂ ਸਵੱਦੀ, ਰਿਕੂ ਕਲੇਰ, ਬੂਟਾ ਸਿੰਘ ਬੁਰਜ ਕੁਲਾਰਾ, ਬਲਜਿੰਦਰ ਸਿੰਘ ਅਖਾੜਾ, ਮਨਦੀਪ ਸਿੰਘ ਸਿੱਧਵਾਂ ਕਲਾਂ, ਜਤਿੰਦਰ ਸਿੰਘ ਸਿੱਧਵਾਂ ਖੁਰਦ, ਹਾਕਮ ਸਿੰਘ ਚੀਮਨਾ, ਲਾਡੀ ਦੇਹੜਕਾ, ਬਿੱਟੂ ਹਠੂਰ, ਸੁਖਪ੍ਰੀਤ ਹਠੂਰ, ਝਲਮਣ ਸਿੰਘ ਬਾਠ ਚਕਰ, ਚਮਕੌਰ ਸਿੰਘ ਬੁਜਗਰ, ਜਸਵੰਤ ਸਿੰਘ ਪੱਤੀ ਮੁਲਤਾਨੀ, ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਗਗਨਦੀਪ ਸਿੰਘ ਸਰਨਾ, ਸਤਨਾਮ ਸਿੰਘ ਜਗਰਾਓਂ, ਗੁਰਚਰਨ ਸਿੰਘ ਬਾਗੀਆਂ, ਅਵਤਾਰ ਸਿੰਘ ਤਿਹਾੜਾ, ਗੁਰਵਿੰਦਰ ਸਿੰਘ ਕੋਟਲੀ, ਗੁਰਦੀਪ ਸਿੰਘ ਗਾਲਿਬ ਖੁਰਦ, ਸਰਬਜੀਤ ਸਿੰਘ ਕਾਨਗੋ ਸ਼ੇਰਪੁਰ ਕਲਾਂ, ਦਵਿੰਦਰ ਸਿੰਘ ਖੇਲਾ ਸ਼ੇਰਪੁਰ ਕਲਾਂ, ਨਿਰਭੈ ਸਿੰਘ ਅਲ੍ਹੀਗੜ, ਪ੍ਰਿਤਪਾਲ ਸਿੰਘ ਮੱਲ੍ਹਾ, ਜਸਵਿੰਦਰ ਸਿੰਘ ਲੱਖਾ ਪੰਚ, ਸੁਰਜੀਤ ਸਿੰਘ ਲੱਖਾ, ਗੋਪੀ ਕਮਾਲਪੁਰਾ, ਰਵਿੰਦਰ ਸਿੰਘ ਰਣਧੀਰਗੜ੍ਹ, ਗੋਪਾਲ ਸਿੰਘ ਨੰਬਰਦਾਰ ਭੰਮੀਪੁਰਾ, ਬਲਜਿੰਦਰ ਸਿੰਘ ਗੁਰੂਸਰ, ਰੂਪ ਸਿੰਘ ਬਾਬ ਚੱਕਰ, ਚੰਨਪ੍ਰੀਤ ਸਿੰਘ ਚੀਮਨਾ, ਗੁਰਬਖਸ਼ ਸਿੰਘ ਬਰਸਾਲ, ਕਰਨੈਲ ਸਿੰਘ ਜਨੇਤਪੁਰਾ, ਜੈਨਸਨ ਜਗਰਾਓਂ, ਮਨਜੀਤ ਸਿੰਘ ਡੱਲੀ ਜਗਰਾਓਂ, ਬੀ. ਜੇ ਪੀ ਤੋਂ ਜ਼ਿਲਾ ਪ੍ਰਧਾਨ ਰਾਜਿੰਦਰ ਸ਼ਰਮਾ, ਵਾਇਸ ਪ੍ਰਧਾਨ ਸਤੀਸ਼ ਪੱਪੂ, ਕਰਨਲ ਇੰਦਰਪਾਲ ਸਿੰਘ ਧਾਲੀਵਾਲ, ਸਹਿਰੀ ਪ੍ਰਧਾਨ ਟੋਨੀ ਵਰਮਾ, ਐਡਵੋਕੇਟ ਵਿਵੇਕ ਭਾਰਦਵਾਜ, ਅੰਕੁਸ਼ ਸਹਿਜਪਾਲ, ਸ਼ੈਟੀ ਚੋਪੜਾ, ਰਾਜੇਸ਼ ਜੈਨ, ਸੁਮਿਤ ਅਰੋੜਾ, ਨਵੀਨ ਜੈਨ, ਰਵੀ ਅਰੋੜਾ, ਸ਼ਕਤੀ ਮਲਹੋਤਰਾ, ਨਵਨੀਤ ਗੁਪਤਾ, ਗੌਰਵ ਗੁਪਤਾ, ਗੁਰਸਿਮਰਨ ਸਿੰਘ ਰਸੂਲਪੁਰ, ਅਭੀ ਗੋਇਲ, ਹਰਵਿੰਦਰ ਸਿੰਘ ਗੋਰਾ, ਸ਼ੁਭਮ ਮੁਲਾਂਪੁਰ, ਹਰਮਿੰਦਰ ਸਿੰਘ, ਗੌਰਵ ਸ਼ਰਮਾ, ਰੋਹਿਤ ਅਗਰਵਾਲ ਆਦਿ ਹਾਜਰ

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ

ਗੁਰਪੁਰਬ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ







ਬਿਲਾਸਪੁਰ/ਮੋਗਾ -(ਵਰਿਆਮ ਹਠੂਰ)ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਗੁਰਪੁਰਬ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਨੂੰ ਸਮਰਪਿਤ ਸਕੂਲ ਵਿੱਚ ਵਿਸ਼ੇਸ਼ ਧਾਰਮਿਕ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੇ ਪੂਰੀ ਸ਼ਰਧਾ ਨਾਲ ਭਾਗ ਲਿਆ।ਸਮਾਗਮ ਦੀ ਸ਼ੁਰੂਆਤ ਗੁਰੂ ਸਾਹਿਬਾਨ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਤੇ ਗੁਰਬਾਣੀ ਦੇ ਪਵਿੱਤਰ ਸ਼ਬਦਾਂ ਨਾਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਸ਼ਬਦ ਗਾਇਨ, ਧਾਰਮਿਕ ਕਵਿਤਾਵਾਂ, ਭਾਸ਼ਣ ਅਤੇ ਗੁਰੂ ਸਾਹਿਬਾਨ ਦੇ ਜੀਵਨ ਨਾਲ ਸਬੰਧਤ ਵਿਚਾਰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤੇ ਗਏ। ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਗੁਰੂ ਸਾਹਿਬਾਨਾਂ ਦੀਆਂ ਮਹਾਨ ਸਿੱਖਿਆਵਾਂ ਅਤੇ ਮਨੁੱਖਤਾ ਲਈ ਦਿੱਤੇ ਸੰਦੇਸ਼ ਨੂੰ ਬਾਖੂਬੀ ਦਰਸਾਇਆ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨਾਂ ਦੇ ਮਹਾਨ ਜੀਵਨ, ਉਨ੍ਹਾਂ ਦੀਆਂ ਕੁਰਬਾਨੀਆਂ ਅਤੇ ਸਮਾਜ ਨੂੰ ਦਿੱਤੀਆਂ ਅਮੁੱਲ ਸਿੱਖਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਸੱਚਾਈ, ਨਿਮਰਤਾ, ਇਮਾਨਦਾਰੀ, ਸੇਵਾ, ਸਿਮਰਨ, ਆਪਸੀ ਭਾਈਚਾਰੇ ਅਤੇ ਸਰਬੱਤ ਦੇ ਭਲੇ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀਆਂ ਹਨ। ਇਸ ਖਾਸ ਮੌਕੇ ਤੇ ਪ੍ਰੀ ਨਰਸਰੀ ਤੋਂ ਯੂ. ਕੇ ਜੀ ਤੱਕ ਦੇ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਸਾਹਿਬ ਲਜਾਇਆ ਗਿਆ। ਇਸ ਤੋਂ ਇਲਾਵਾ ਇਸ ਮੌਕੇ ਤੇ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਸਕੂਲ ਪ੍ਰਧਾਨ ਸਰਦਾਰ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰਪੁਰਬ ਸਿਰਫ਼ ਤਿਉਹਾਰ ਮਨਾਉਣ ਦਾ ਦਿਨ ਨਹੀਂ, ਸਗੋਂ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਪਵਿੱਤਰ ਮੌਕਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਆਪਣੇ ਵਿਰਸੇ, ਧਾਰਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਹਮੇਸ਼ਾ ਦੂਜਿਆਂ ਦੀ ਮਦਦ ਕਰਨ, ਸਭ ਨਾਲ ਪਿਆਰ ਅਤੇ ਸਤਿਕਾਰ ਨਾਲ ਪੇਸ਼ ਆਉਣ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਸਮੁੱਚਾ ਸਕੂਲ ਕੈਂਪਸ ਰੂਹਾਨੀ ਮਾਹੌਲ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਗੂੰਜ ਉੱਠਿਆ।ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਇਸ ਤਰ੍ਹਾਂ ਇਹ ਸਮਾਗਮ ਵਿਦਿਆਰਥੀਆਂ ਲਈ ਧਾਰਮਿਕ, ਨੈਤਿਕ ਅਤੇ ਸੱਭਿਆਚਾਰਕ ਸਿੱਖਿਆ ਦਾ ਇੱਕ ਯਾਦਗਾਰੀ ਮੌਕਾ ਸਾਬਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਦਰ ਬਾਜ਼ਾਰ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਵ ਸ਼ਾਂਤੀ ਅਤੇ ਮਨੁੱਖਤਾ ਦੀ ਭਲਾਈ ਲਈ ਵਿਸ਼ੇਸ਼ ਅਰਦਾਸ

ਸਾਰੇ ਧਰਮਾਂ ਦੇ ਲੋਕਾਂ ਨੇ ਮਿਲਜੁਲ ਕੇ ਮਨਾਇਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ, ਭਾਈਚਾਰੇ ਅਤੇ ਏਕਤਾ ਦੀ ਪੇਸ਼ ਕੀਤੀ ਮਿਸਾਲ : ਪਰਮਜੀਤ ਸਿੰਘ ਪੰਮਾ



ਨਵੀਂ ਦਿੱਲੀ 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਸਦਰ ਬਾਜ਼ਾਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਦਰ ਬਾਜ਼ਾਰ ਬਾਰੀ ਮਾਰਕੀਟ ਟਰੇਡਰਜ਼ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਕੁਤਬ ਰੋਡ ਵਿਖੇ ਵਿਸ਼ਾਲ ਲੰਗਰ ਲਗਾਇਆ ਗਿਆ। ਇਸ ਦੌਰਾਨ ਸਮੂਹ ਵਿਸ਼ਵ ਵਿੱਚ ਸ਼ਾਂਤੀ, ਮਨੁੱਖਤਾ ਦੀ ਭਲਾਈ ਅਤੇ ਆਪਸੀ ਭਾਈਚਾਰਾ ਕਾਇਮ ਰਹਿਣ ਲਈ ਵਿਸ਼ੇਸ਼ ਅਰਦਾਸ ਕੀਤੀ ਗਈ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਅੱਜ ਦੁਨੀਆ ਜੰਗਾਂ, ਨਫ਼ਰਤ, ਆਰਥਿਕ ਸੰਕਟ ਅਤੇ ਸਮਾਜਿਕ ਵੰਡ ਦਾ ਸਾਹਮਣਾ ਕਰ ਰਹੀ ਹੈ। ਅਜਿਹੇ ਸਮੇਂ ਗੁਰੂ ਸਾਹਿਬ ਦਾ ਸਰਬਸਾਂਝੀਵਾਲਤਾ, ਬਰਾਬਰਤਾ ਅਤੇ ਸੇਵਾ ਦਾ ਸੰਦੇਸ਼ ਹੋਰ ਵੀ ਪ੍ਰਸੰਗਿਕ ਹੋ ਜਾਂਦਾ ਹੈ। ਜੇਕਰ ਮਨੁੱਖਤਾ ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ ਦੇ ਸਿਧਾਂਤ ਨੂੰ ਅਪਣਾ ਲਵੇ ਤਾਂ ਸਮਾਜ ਵਿੱਚੋਂ ਨਫ਼ਰਤ ਅਤੇ ਭੇਦਭਾਵ ਖ਼ਤਮ ਕਰਕੇ ਪਿਆਰ ਤੇ ਸਾਂਝ ਦੀ ਭਾਵਨਾ ਪੈਦਾ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਅਰਦਾਸ ਹੈ ਕਿ ਦੁਨੀਆ ਵਿੱਚ ਜੰਗਾਂ ਖ਼ਤਮ ਹੋਣ, ਸਾਰੇ ਧਰਮਾਂ ਦੇ ਲੋਕ ਇੱਕ-ਦੂਜੇ ਦਾ ਸਤਿਕਾਰ ਕਰਨ ਅਤੇ ਕੋਈ ਵੀ ਵਿਅਕਤੀ ਭੁੱਖਾ ਨਾ ਸੌਵੇ। ਗੁਰੂ ਨਾਨਕ ਦੇਵ ਜੀ ਦਾ ਸੰਦੇਸ਼ ਕਿਸੇ ਇੱਕ ਧਰਮ ਜਾਂ ਵਰਗ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਹੈ। ਸਮਾਗਮ ਵਿੱਚ ਦਿੱਲੀ ਵਪਾਰ ਮਹਾਸੰਘ ਦੇ ਪ੍ਰਧਾਨ ਦੇਵਰਾਜ ਬਬੇਜਾ, ਫੈਡਰੇਸ਼ਨ ਆਫ ਸਦਰ ਬਾਜ਼ਾਰ ਟਰੇਡ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਯਾਦਵ, ਕਾਰਜਕਾਰੀ ਪ੍ਰਧਾਨ ਚੌਧਰੀ ਯੁਗਿੰਦਰ ਸਿੰਘ, ਜਨਰਲ ਸਕੱਤਰ ਰਜਿੰਦਰ ਸ਼ਰਮਾ, ਵਪਾਰੀ ਆਗੂ ਨਰਿੰਦਰ ਗੁਪਤਾ, ਡਾ. ਚੰਦਰ ਪ੍ਰਕਾਸ਼ ਧਵਨ, ਵੀਰਿੰਦਰ ਆਰੀਆ, ਕੁਲਦੀਪ ਸਿੰਘ, ਦੀਪਕ ਨਿੰਭਲ, ਸ਼ੇਖਰ ਕਟਾਰੀਆ ਅਤੇ ਅਭੈ ਸਬਰਵਾਲ ਸਮੇਤ ਹੋਰ ਪਤਵੰਤੇ ਮੌਜੂਦ ਸਨ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਲੰਗਰ ਛਕਿਆ। ਖ਼ਾਸ ਗੱਲ ਇਹ ਰਹੀ ਕਿ ਵੱਖ-ਵੱਖ ਧਰਮਾਂ ਦੇ ਲੋਕਾਂ ਨੇ ਮਿਲਜੁਲ ਕੇ ਗੁਰਪੁਰਬ ਮਨਾਇਆ ਅਤੇ ਆਪਸੀ ਏਕਤਾ, ਸਦਭਾਵਨਾ ਤੇ ਭਾਈਚਾਰੇ ਦਾ ਸੁਨੇਹਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਹਲਕਾ ਇੰਚਾਰਜ ਰੰਧਾਵਾ ਅਤੇ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਅਕਾਲੀ ਦਲ, ਬੀਜੇਪੀ ਦੇ ਚੋਣ ਸਮਝੌਤੇ ਦੀ ਖੁਸ਼ੀ 'ਚ ਵੰਡੇ ਲੱਡੂ



ਧੂਰੀ (ਰਣਜੀਤ ਸਿੰਘ ਪੇਧਨੀ)-ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਹੋਏ ਚੋਣ ਸਮਝੌਤੇ ਤੇ ਵਿਧਾਨ ਸਭਾ ਹਲਕਾ ਧੂਰੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈ ਓਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਹੇਠ ਧੂਰੀ ਕ੍ਰਾਂਤੀਕਾਰੀ ਚੌਕ ਦੇ ਵਿੱਚ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਅਤੇ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਮਝੌਤੇ ਦੇ ਨਾਲ ਵਿਰੋਧੀ ਪਾਰਟੀਆਂ ਦੇ ਮੂੰਹ ਉਡੇ ਪਏ ਹਨ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਭਾਰਤੀ ਜਨਤਾ ਪਾਰਟੀ ਪਹਿਲਾਂ ਵੀ ਪੰਜਾਬ ਦੇ ਲੋਕਾਂ ਦੀ ਇਕੱਠਿਆਂ ਸਰਕਾਰ ਬਣਾ ਕੇ ਸੇਵਾ ਕਰ ਚੁੱਕੀ ਹੈ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਨਰੋਲ ਸਰਕਾਰ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੀ ਹੋਵੇਗੀ, ਜੋ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਵੇਗੀ ।ਇਸ ਮੌਕੇ ਇੰਦਰਜੀਤ ਸਿੰਘ ਘਨੌਰੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸੇਰਪੁਰ, ਬ੍ਰਜੇਸਵਰ ਗੋਇਲ , ਪਰਮਜੀਤ ਸਿੰਘ ਭਿੰਦੀ, ਨਪਿੰਦਰ ਸਿੰਘ ਗੋਰਾ, ਸੁਖਪਾਲ ਸਿੰਘ ਕਾਂਝਲਾ ਬੀਜੇਪੀ ਆਗੂ, ਪ੍ਰਦੀਪ ਗਰਗ ਬੀਜੇਪੀ ਆਗੂ, ਮੰਡਲ ਪ੍ਰਧਾਨ ਆਸ਼ੀਸ਼ ਗਰਗ , ਸ਼੍ਰੋਮਣੀ ਅਕਾਲੀ ਦਲ ਦੇ ਪੀਏਸੀ ਮੈਬਰ ਉਘੇ ਸਮਾਜ ਸੇਵੀ ਦੀਪਇੰਦਰ ਸਿੰਘ ਬਰਾੜ, ਜਗਰੂਪ ਸਿੰਘ ਧੂਰੀ, ਗੁਰਦਿਆਲ ਸਿੰਘ ਕਾਂਝਲਾ, ਸਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ, ਨਿਰਭੈ ਸਿੰਘ ਹੇੜੀਕੇ, ਜਗਰੂਪ ਸਿੰਘ ਲੱਡਾ, ਅਮਰੀਕ ਸਿੰਘ ਬਰੜਵਾਲ, ਪਰਮਜੀਤ ਸਿੰਘ ਧੂਰਾ, ਹਰਨੇਕ ਸਿੰਘ ਦੀਵਾਨਾ, ਰੇਸਮ ਸਿੰਘ ਬਾਲੀਆ ਮੈਬਰ ਬਲਾਕ ਸੰਮਤੀ, ਦਰਸਨ ਸਿੰਘ ਕਾਂਝਲਾ, ਬਿਰਜ ਲਾਲ ਕਾਂਝਲਾ, ਕਰਮਜੀਤ ਸਿੰਘ ਪੁੰਨਾਵਾਲ ਯੂਥ ਪ੍ਰਧਾਨ, ਰਮਨ ਕੱਕੜਵਾਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਗੁਰਬਖਸ਼ ਸਿੰਘ ਨੂੰ ਸ਼੍ਰੋਮਣੀ ਕਮੇਟੀ ਦਾ

ਮੀਤ ਪ੍ਰਧਾਨ ਬਣਾਉਣਾ ਸ਼ਲਾਘਾਯੋਗ ਫੈਸਲਾ: ਕੈਨੇਡਾ ਦੇ ਸਿੱਖ ਆਗੂਆਂ ਵੱਲੋਂ ਸਵਾਗਤ

ਨਵੀਂ ਦਿੱਲੀ 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਸਰਦਾਰ ਗੁਰਬਖਸ਼ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਕੈਨੇਡਾ ਦੀਆਂ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਸਿੱਖ ਆਗੂਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਇਸ ਫੈਸਲੇ ਦਾ ਭਰਪੂਰ ਸਵਾਗਤ ਕੀਤਾ ਗਿਆ ਹੈ। ਸਿੱਖ ਆਗੂਆਂ ਨੇ ਕਿਹਾ ਕਿ ਗੁਰਬਖਸ਼ ਸਿੰਘ ਖਾਲਸਾ ਸ਼ੁਰੂ ਤੋਂ ਹੀ ਸਿੱਖ ਸੰਘਰਸ਼ ਨਾਲ ਜੁੜੇ ਰਹੇ ਹਨ ਅਤੇ ਸੰਘਰਸ਼ ਦੇ ਦੌਰਾਨ ਉਨ੍ਹਾਂ ਨੇ ਲੰਮਾ ਸਮਾਂ ਜੇਲ੍ਹ ਵੀ ਕੱਟਿਆ ਹੈ। ਉਨ੍ਹਾਂ ਕਿਹਾ ਕਿ ਗੁਰਬਖਸ਼ ਸਿੰਘ ਨੇ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਬੇਦਾਗ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਦੀ ਨਿਯੁਕਤੀ ਨੂੰ ਸਿੱਖ ਸੰਸਥਾ ਲਈ ਇੱਕ ਸ਼ਲਾਘਾਯੋਗ ਫੈਸਲਾ ਕਰਾਰ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਵੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਸਿੱਖ ਪੰਥ ਦੇ ਅਹਿਮ ਮਸਲਿਆਂ ਨੂੰ ਗੰਭੀਰਤਾ ਨਾਲ ਉਠਾਉਂਦਿਆਂ ਉਨ੍ਹਾਂ ਦੇ ਹੱਲ ਲਈ ਸਰਗਰਮ ਭੂਮਿਕਾ ਨਿਭਾਉਣਗੇ। ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਨ ਅਤੇ ਵਧਾਈ ਦੇਣ ਵਾਲਿਆਂ ਵਿੱਚ ਸੁਰਜੀਤ ਸਿੰਘ ਭਾਊ, ਮੁੱਖ ਸੇਵਾਦਾਰ ਗੁਰਦੁਆਰਾ ਲਸਾਲ; ਜਸਵਿੰਦਰ ਸਿੰਘ, ਮੁੱਖ ਸੇਵਾਦਾਰ



ਪਾਰਕ; ਜਤਿੰਦਰ ਸਿੰਘ ਮੁਲਤਾਨੀ, ਮੁੱਖ ਸੇਵਾਦਾਰ ਹਡਸਨ; ਸੰਤੋਖ ਸਿੰਘ ਖੇਲਾ, ਪ੍ਰਧਾਨ ਕਿਊਬਿਕ ਸਿੱਖ ਕੌਂਸਲ; ਨਰਿੰਦਰ ਸਿੰਘ ਮਿਨਹਾਸ, ਪ੍ਰਧਾਨ ਸਾਨੇ ਪੰਜਾਬ; ਬਲਰਾਜ ਸਿੰਘ, ਖ਼ਜ਼ਾਨਚੀ; ਅਵਤਾਰ ਸਿੰਘ, ਜਨਰਲ ਸਕੱਤਰ; ਮੁਲਖ ਸਿੰਘ, ਸਟੇਜ ਸਕੱਤਰ; ਬਲਵਿੰਦਰ ਸਿੰਘ, ਰਸਪਾਲ ਸਿੰਘ ਬਦੇਸਾ, ਸਰਬਜੀਤ ਸਿੰਘ ਮਿਨਹਾਸ, ਪ੍ਰੀਤਮ ਸਿੰਘ, ਮਨਜੀਤ ਸਿੰਘ ਵੈਨਕੂਵਰ, ਸਰਬਜੀਤ ਸਿੰਘ ਢਿੱਲੋਂ ਸਕੈਚਵਨ, ਉਪਕਾਰ ਸਿੰਘ ਇੰਗਲੈਂਡ, ਸਰਬਜੀਤ ਸਿੰਘ ਤੱਖਰ ਅਮਰੀਕਾ, ਬਲਵਿੰਦਰ ਸਿੰਘ ਅਮਰੀਕਾ, ਜਰਨੈਲ ਸਿੰਘ ਜੈਲੀ, ਪਰਮਜੀਤ ਸਿੰਘ ਗਿੱਲ ਅਤੇ ਮਨਜੀਤ ਸਿੰਘ ਗਿੱਲ ਸਮੇਤ ਹੋਰ ਸਿੱਖ ਆਗੂ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਸੰਘਰਸ਼ ਦੌਰਾਨ ਲੰਮਾ ਸਮਾਂ ਜੇਲ੍ਹ ਕੱਟਣ ਵਾਲੇ ਗੁਰਬਖਸ਼ ਸਿੰਘ ਨੇ ਹਮੇਸ਼ਾ ਬੇਦਾਗ ਸੇਵਾਵਾਂ ਨਿਭਾਈਆਂ: ਸਿੱਖ ਆਗੂ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਨਾਨਕ ਦੇਵ ਜੀ ਦਾ

557ਵਾਂ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਨਵੀਂ ਦਿੱਲੀ, 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਮੁੱਖ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਹੋਇਆ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਦੀ ਸੇਵਾ, ਦਸਾਂ ਨਹੁੰਆਂ ਦੀ ਕਿਰਤ, ਨਾਮ ਜਪਣ, ਕਿਰਤ ਕਰਨ ਅਤੇ ਵੰਡ ਛਕਣ ਦਾ ਸੰਦੇਸ਼ ਦਿੱਤਾ। ਗੁਰੂ ਸਾਹਿਬ ਨੇ ਸੱਚ ਦੇ ਮਾਰਗ 'ਤੇ ਚੱਲਣ ਅਤੇ ਦਸਵੰਧ ਕੱਢ ਕੇ ਲੋੜਵੰਦਾਂ ਦੀ ਸਹਾਇਤਾ ਕਰਨ ਦੀ ਸਿੱਖਿਆ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਔਰਤ ਨੂੰ ਬਰਾਬਰ ਦਾ ਸਤਿਕਾਰ ਦਿੰਦਿਆਂ ਸਮਾਜ ਵਿੱਚ ਉਸ ਦੇ ਉੱਚੇ ਸਥਾਨ ਦਾ ਸੰਦੇਸ਼ ਦਿੱਤਾ।ਆਗੂਆਂ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਨਾਲ-ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਸਮਾਪਤੀ ਸਮਾਗਮਾਂ ਸਬੰਧੀ ਵੀ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ ਹਨ।27 ਨਵੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕਵੀ ਦਰਬਾਰ ਕਰਵਾਇਆ ਜਾਵੇਗਾ, ਜਦਕਿ 29 ਨਵੰਬਰ ਨੂੰ ਗੁਰੂ ਕੇ ਤਾਲ, ਆਗਰਾ ਤੋਂ ਨਗਰ ਕੀਰਤਨ ਦਿੱਲੀ ਪਹੁੰਚੇਗਾ। ਉਨ੍ਹਾਂ ਸੰਗਤਾਂ ਨੂੰ ਨਗਰ ਕੀਰਤਨ ਦਾ ਥਾਂ-ਥਾਂ ਭਰਵਾਂ ਸਵਾਗਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ 30 ਨਵੰਬਰ ਤੋਂ 6 ਦਸੰਬਰ ਤੱਕ ਗੁਰੂ ਸਾਹਿਬ ਦੀਆਂ ਪਵਿੱਤਰ ਨਿਸ਼ਾਨੀਆਂ ਦੇ ਦਰਸ਼ਨਾਂ ਲਈ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿੱਚ ਨਗਰ ਕੀਰਤਨ ਸਜਾਏ ਜਾਣਗੇ। 7 ਦਸੰਬਰ ਨੂੰ ਵਰਲਡ ਸਿੱਖ ਕਨਕਲੇਵ ਕਰਵਾਈ ਜਾਵੇਗੀ, ਜਿਸ ਵਿੱਚ ਦੁਨੀਆ ਭਰ ਵਿੱਚ ਨਾਮਣਾ ਖੱਟਣ ਵਾਲੀਆਂ ਸਿੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ 12 ਤੋਂ 14 ਦਸੰਬਰ ਤੱਕ ਲਾਲ ਕਿਲ੍ਹੇ ਵਿਖੇ ਵਿਸ਼ੇਸ਼ ਸਮਾਗਮ ਅਤੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾਣਗੇ। 14 ਦਸੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਗੁਰਦੁਆਰਾ ਰਕਾਬਗੰਜ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 15 ਦਸੰਬਰ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਵਿਸ਼ੇਸ਼ ਦੀਵਾਨ ਸਜਾਏ ਜਾਣਗੇ। ਇਸ ਮੌਕੇ ਆਗੂਆਂ ਨੇ ਬਾਬਾ ਬਚਨ ਸਿੰਘ ਜੀ ਕਾਰ ਸੇਵਾ ਵਾਲਿਆਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਗੁਰਦੁਆਰਾ ਬੰਗਲਾ ਸਾਹਿਬ ਅਤੇ ਗੁਰਦੁਆਰਾ ਸੀਸਗੰਜ ਸਾਹਿਬ ਦੇ ਕਲਸ਼ਾਂ 'ਤੇ ਸੋਨਾ ਲਗਾਉਣ ਦੀ ਸੇਵਾ ਮੁੜ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਦੀ ਜ਼ਿੰਮੇਵਾਰੀ ਬਾਬਾ ਬਚਨ ਸਿੰਘ ਜੀ ਨੂੰ ਸੌਂਪੀ ਜਾ ਰਹੀ ਹੈ। ਉਨ੍ਹਾਂ ਸੰਗਤਾਂ ਨੂੰ ਇਸ ਸੇਵਾ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਗੁਰੂ ਨਾਨਕ ਸਾਹਿਬ ਨੇ ਮਨੁੱਖਤਾ ਦੀ ਸੇਵਾ, ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦਾ ਦਿੱਤਾ ਸੰਦੇਸ਼: ਕਾਲਕਾ, ਕਾਹਲੋਂ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ

ਸਾਰੀ ਰਾਤ ਗੁਰੂ ਸਾਹਿਬ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਚਾਨਣਾ ਪਾਇਆ



ਫ਼ਿਰੋਜ਼ਪੁਰ, 24 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਅਤੇ ਸਾਰੀ ਰਾਤ ਕੀਰਤਨ ਦਰਬਾਰ ਸਜਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਸੁਰੀਲੀ ਆਵਾਜ਼ ਨਾਲ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ਼ੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਭ ਤੋਂ ਪਹਿਲਾਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਉਪਰੰਤ ਕਥਾ ਕਰਦਿਆਂ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਰਾਇ—ਭੋਇ ਦੀ ਤਲਵੰਡੀ ਮੌਜੂਦਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਪਿਤਾ ਕਲਿਆਣ ਦਾਸ (ਮਹਿਤਾ ਕਾਲੂ) ਜੀ ਅਤੇ ਮਾਤਾ ਤ੍ਰਿਪਤਾ ਦੇਵੀ ਜੀ ਦੇ ਗ੍ਰਹਿ ਵਿਖੇ ਅਕਾਲ ਪੁਰਖ ਖੁਦ ਨਿਰਗੁਣ ਤੋਂ ਸਰਗੁਣ ਸਰੂਪ ਧਾਰ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ ਵਿਚ ਜਗਤ ਜਲੰਦੇ ਨੂੰ ਤਾਰਨ ਲਈ ਪ੍ਰਗਟ ਹੋਏ। ਆਪ ਜੀ ਨੇ ਸਤਦੀਪ ਤੋਂ ਖੰਡਾ ਵਿਚ ਸਤਿਨਾਮ ਦਾ ਜਾਪ ਜਪਾ ਕੇ ਲੋਕਾਈ ਨੂੰ ਤਾਰਿਆ। ਆਪ ਜੀ ਸਭ ਧਰਮਾਂ ਦਾ ਸਤਿਕਾਰ ਕਰਦਿਆਂ ਪਾਖੰਡਵਾਦ ਦਾ ਖੰਡਨ ਕਰਦਿਆਂ ਸੱਚ ਧਰਮ ਉਪਰ ਚੱਲਣ ਲਈ ਸਰਬ ਸਾਂਝਾ ਉਪਦੇਸ਼ ਦਿੱਤਾ। ਆਪ ਜੀ ਨੇ ਜਾਤ—ਪਾਤ ਛੂਆ—ਛੂਤ, ਕਰਮਕਾਂਡਾਂ ਅਤੇ ਹਰ ਤਰ੍ਹਾਂ ਦੀਆਂ ਧਾਰਮਿਕ, ਰਾਜਸੀ, ਸਮਾਜਿਕ ਕੁਰੀਤੀਆਂ ਦਾ ਡੱਟ ਕੇ ਵਿਰੋਧ ਕੀਤਾ, ਜਿਸ ਕਰਕੇ ਆਪ ਜੀ ਨੂੰ ਸਿੱਖ ਧਰਮ ਦੇ ਬਾਨੀ ਹੋਣ ਦੇ ਬਾਵਜੂਦ ਵੀ ਸਭ ਧਰਮਾਂ ਦੇ ਲੋਕ ਆਪਣਾ ਗੁਰੂ, ਪੀਰ, ਰਹਿਬਰ, ਔਲੀਆ ਮੰਨਦੇ ਹਨ। ਆਪ ਜੀ ਨੇ ਰੱਬੀ ਬਾਣੀ ਦੇ ਪਵਿੱਤਰ ਸ਼ਬਦ ਉਚਾਰਨ ਕਰਕੇ ਬਰਾਬਰਤਾ, ਚੰਗਿਆਈ ਅਤੇ ਭਾਈਚਾਰਕ ਸਾਂਝ ਵਾਲਾ ਅਨੋਖਾ ਰੂਹਾਨੀ, ਸਮਾਜਿਕ ਅਤੇ ਰਾਜਸੀ ਮਾਹੌਲ ਸਿਰਜਿਆ। ਇਸ ਮੌਕੇ ਤੇ ਅਸੀਂ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਸਰਬੱਤ ਦਾ ਭਲਾ ਕਰੀ। ਇਸ ਮੌਕੇ ਤੇ ਬਾਬਾ ਜੀ ਨੇ ਸਮੂਹ ਸੰਗਤ ਨੂੰ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਬਾਬਾ ਗੁਰਭੇਜ ਸਿੰਘ ਫੱਖਰ, ਬਾਬਾ ਸੰਤੋਖ ਸਿੰਘ ਤੋਂ ਇਲਾਵਾ ਜਸਵੀਰ ਸਿੰਘ ਨੇ ਸਾਰੀ ਰਾਤ ਚਾਹ ਲੰਗਰ ਦੀ ਸੇਵਾ ਕਰਦੇ ਰਹੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਕਾਸ਼ ਪੁਰਬ ਤੇ ਡਰੋਲੀ ਭਾਈ ਵਿਖੇ ਪ੍ਰਕਾਸ਼ ਪੁਰਬ ਮਨਾਇਆ



ਫ਼ਿਰੋਜ਼ਪੁਰ, 24 ਨਵੰਬਰ (ਮਨੋਹਰ ਲਾਲ) :— ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਅਤੇ ਧੰਨ ਧੰਨ ਬਾਬਾ ਗੁਰਦਿੱਤਾ ਜੀ (ਸਪੁੱਤਰ ਪਾਤਸ਼ਾਹੀ ਛੇਵੀਂ) ਦਾ ਪ੍ਰਕਾਸ਼ ਪੁਰਬ ਮੋਗਾ ਜ਼ਿਲ੍ਹੇ ਦੇ ਇਤਿਹਾਸਕ ਪਿੰਡ ਡਰੋਲੀ ਭਾਈ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਪਿੰਡ ਦੇ ਅੰਦਰ ਵਾਰ ਸਥਿਤ ਇਤਿਹਾਸਕ ਗੁਰਧਾਮ ਗੁਰਦੁਆਰਾ ਗੁਰੂ ਕੇ ਮਹਿਲ ਅਟਾਰੀ ਸਾਹਿਬ (ਨਿਵਾਸ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ ਨੌਵੀਂ ਜਨਮ ਸਥਾਨ ਬਾਬਾ ਗੁਰਦਿੱਤਾ ਜੀ) ਤਿੰਨ ਗੁਰਬਾਣੀ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਪਿੰਡ ਦੇ ਬਾਹਰ ਵਾਰ ਸਥਿਤ ਇਤਿਹਾਸਕ ਗੁਰਧਾਮ ਗੁਰਦੁਆਰਾ ਸਿਮਰਨਸਰ ਸਾਹਿਬ (ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ) ਵਿਖੇ ਖੁਲ੍ਹੇ ਪੰਡਾਲ ਵਿੱਚ ਸਜੇ ਦੀਵਾਨ ਅੰਦਰ ਭਾਈ ਪਿਆਰਾ ਸਿੰਘ, ਭਾਈ ਮਹਿਰ ਸਿੰਘ ਅਤੇ ਭਾਈ ਗੁਰਸੇਵਕ ਸਿੰਘ ਦੇ ਜਥਿਆ ਵੱਲੋਂ ਗੁਰਸ਼ਬਦ ਕੀਰਤਨ ਕੀਤਾ ਗਿਆ। ਇਸ ਮੌਕੇ ਵਿਦਵਾਨਾਂ ਤੋਂ ਇਲਾਵਾ ਪੰਥ ਪ੍ਰਸਿੱਧ ਵਿਦਵਾਨ ਢਾਡੀ ਗਿਆਨੀ ਹਰਪਾਲ ਸਿੰਘ ਢੰਡ ਵੱਲੋਂ ਵੀ ਹਾਜ਼ਰੀ ਭਰੀ ਗਈ। ਇਨ੍ਹਾਂ ਗੁਰਧਾਮਾਂ ਅਤੇ ਸਮਾਗਮ ਦੇ ਮੁੱਖ ਪ੍ਰਬੰਧਕ ਡਾ: ਸੰਤ ਬਾਬਾ ਗੁਰਨਾਮ ਸਿੰਘ (ਡਰੋਲੀ ਭਾਈ ਕਾਰ ਸੇਵਾ ਵਾਲੇ) ਜੀ ਨੇ ਗੁਰਬਾਣੀ ਕਥਾ, ਇਤਿਹਾਸਕ ਅਤੇ ਗੁਰਮਤਿ ਵਿਚਾਰਾਂ ਸਰਵਣ ਕਰਵਾ ਕੇ ਹਜਾਰਾਂ ਸੰਗਤਾਂ ਨੂੰ ਨਿਹਾਲ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਅਤੇ ਬਾਬਾ ਗੁਰਦਿੱਤਾ ਸਾਹਿਬ ਜੀ ਨੂੰ ਅਕੀਦਤ ਭੇਂਟਾਂ ਕੀਤੀ।

ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ

ਰੰਗਾਂ ਤੇ ਉਮੰਗਾਂ ਨਾਲ ਸਜਿਆ ਰੇਨਬੋ ਫੈਸਟ



ਫ਼ਿਰੋਜ਼ਪੁਰ, 24 ਨਵੰਬਰ (ਮਨੋਹਰ ਲਾਲ) :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਰੰਗਾਂ, ਉਮੰਗਾਂ ਅਤੇ ਉਤਸ਼ਾਹ ਨਾਲ ਭਰਪੂਰ 'ਰੇਨਬੋ ਫੈਸਟ' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਸਮਾਗਮ ਦਾ ਉਦਘਾਟਨ ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਵਾਤਾਵਰਣ ਰੰਗ—ਬਿਰੰਗੀਆਂ ਸਜਾਵਟਾਂ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਵਿਦਿਆਰਥੀਆਂ ਦੇ ਉਤਸ਼ਾਹ ਨਾਲ ਖੁਸ਼ਨੁਮਾ ਬਣਿਆ ਰਿਹਾ।

ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖਿਆ ਦਾ ਮਕਸਦ ਸਿਰਫ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣਾਉਣਾ ਵੀ ਹੈ। ਅਜਿਹੇ ਸਮਾਗਮ ਬੱਚਿਆਂ ਨੂੰ ਆਪਣੀ ਪ੍ਰਤਿਭਾ ਪਛਾਣਨ, ਆਤਮ—ਵਿਸ਼ਵਾਸ ਵਧਾਉਣ ਅਤੇ ਨਵੇਂ ਤਜਰਬੇ ਹਾਸਲ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ, ਸਕੂਲ ਦਾ ਉਦੇਸ਼ ਹਰੇਕ ਵਿਦਿਆਰਥੀ ਨੂੰ ਸਿੱਖਿਆ ਦੇ ਨਾਲ—ਨਾਲ ਰਚਨਾਤਮਕਤਾ, ਅਗਵਾਈ ਦੇ ਗੁਣਾਂ, ਅਨੁਸ਼ਾਸਨ ਅਤੇ ਆਤਮ—ਨਿਰਭਰਤਾ ਵਰਗੇ ਗੁਣਾਂ ਨਾਲ ਵੀ ਨਿਖਾਰਨਾ ਹੈ। ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਇਸ ਫੈਸਟ ਵਿੱਚ ਵਿਦਿਆਰਥੀਆਂ ਨੇ ਸੱਭਿਆਚਾਰਕ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ, ਬੱਚਿਆਂ ਨੇ ਮਨਮੋਹਕ ਨਾਚ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਵੱਖ—ਵੱਖ ਤਰ੍ਹਾਂ ਦੇ ਸੁਆਦੀ ਪਕਵਾਨਾਂ, ਮਨੋਰੰਜਕ ਖੇਡਾਂ, ਕਲਾ ਅਤੇ ਵਿਗਿਆਨ ਨਾਲ ਸਬੰਧਤ ਆਕਰਸ਼ਕ ਸਟਾਲ ਵੀ ਲਗਾਏ ਗਏ, ਇਨ੍ਹਾਂ ਸਟਾਲਾਂ ਰਾਹੀਂ ਵਿਦਿਆਰਥੀਆਂ ਨੇ ਆਪਣੀ ਰਚਨਾਤਮਕ ਸੋਚ, ਪ੍ਰਤਿਭਾ ਅਤੇ ਉੱਦਮੀ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਰੇਨਬੋ ਫੈਸਟ ਦਾ ਵਿਸ਼ੇਸ਼ ਆਕਰਸ਼ਣ ਵਿਦਿਆਰਥੀਆਂ ਵੱਲੋਂ ਖੁਦ ਸਟਾਲਾਂ ਦਾ ਸੰਚਾਲਨ ਕਰਨਾ ਰਿਹਾ। ਇਸ ਦੌਰਾਨ ਬੱਚਿਆਂ ਨੇ ਪੈਸਿਆਂ ਦਾ ਲੈਣ—ਦੇਣ, ਬਜਟ ਤਿਆਰ ਕਰਨਾ, ਹਿਸਾਬ—ਕਿਤਾਬ ਰੱਖਣਾ ਅਤੇ ਵਿੱਤੀ ਪ੍ਰਬੰਧਨ ਵਰਗੇ ਮਹੱਤਵਪੂਰਨ ਵਿਹਾਰਕ ਹੁਨਰ ਸਿੱਖੇ। ਇਸ ਗਤੀਵਿਧੀ ਨੇ ਵਿਦਿਆਰਥੀਆਂ ਨੂੰ ਕਾਰੋਬਾਰੀ ਸਰਗਰਮੀਆਂ ਦੀਆਂ ਬਾਰੀਕੀਆਂ ਸਮਝਣ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਦਾ ਵਿਹਾਰਕ ਤਜਰਬਾ ਵੀ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਸਕੂਲ ਦੀ ਰਿਪੋਰਟ ਵੀ ਪੇਸ਼ ਕੀਤੀ ਗਈ, ਜਿਸ ਵਿੱਚ ਸਕੂਲ ਵਿਖੇ ਕਰਵਾਈਆਂ ਗਈਆਂ ਅਕਾਦਮਿਕ ਅਤੇ ਸਹਿ—ਅਕਾਦਮਿਕ ਗਤੀਵਿਧੀਆਂ, ਪ੍ਰਾਪਤੀਆਂ ਤੇ ਵਿਦਿਆਰਥੀਆਂ ਦੀ ਸ਼ਮੂਲੀਅਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਰੇਨਬੋ ਫੈਸਟ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ, ਅਜਿਹੇ ਆਯੋਜਨ ਬੱਚਿਆਂ ਨੂੰ ਕਿਤਾਬੀ ਸਿੱਖਿਆ ਦੇ ਨਾਲ—ਨਾਲ ਵਿਹਾਰਕ ਤਜਰਬੇ ਪ੍ਰਦਾਨ ਕਰਦੇ ਹਨ ਅਤੇ ਉਨ੍ਹਾਂ ਵਿੱਚ ਆਤਮ—ਵਿਸ਼ਵਾਸ, ਟੀਮ ਭਾਵਨਾ, ਅਗਵਾਈ ਦੇ ਗੁਣ ਅਤੇ ਰਚਨਾਤਮਕ ਸੋਚ ਵਿਕਸਿਤ ਕਰਦੇ ਹਨ। ਮੈਨੇਜਿੰਗ ਡਾਇਰੈਕਟਰ

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ 'ਤੇ 'ਵਿਸ਼ੇਸ਼ ਗੁਰਮਤਿ ਸਮਾਗਮ'

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਕੀਤਾ ਸੰਗਤਾਂ ਨੂੰ ਸੰਬੋਧਨ
















ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਰਕਾਬਗੰਜ ਸਾਹਿਬ ਦਿੱਲੀ ਵਿਖੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ ਤੇ ਅੱਜ 24 ਨਵੰਬਰ 2026 ਨੂੰ ''ਵਿਸ਼ੇਸ਼ ਗੁਰਮਤਿ ਸਮਾਗਮ'' ਦੀਆਂ ਯਾਦਗਾਰੀ ਤਸਵੀਰਾਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਵੀ ਕੀਤਾ ਸੰਗਤਾਂ ਨੂੰ ਸੰਬੋਧਨ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੋਗਾ ਵਿਖੇ ਹੋ ਰਹੀ 'ਖੁਸ਼ਹਾਲ ਪੰਜਾਬ ਰੈਲੀ' ਵਿੱਚ

ਪੱਟੀ ਹਲਕੇ ਤੋਂ ਵੱਡੀ ਗਿਣਤੀ ਵਿੱਚ ਲੋਕ ਸ਼ਾਮਿਲ ਹੋਣਗੇ: ਜੱਸਾ ਪੱਟੀ

ਮੋਗਾ ਰੈਲੀ ਵਿੱਚ ਜਾਣ ਲਈ 'ਆਪ' ਵਰਕਰ ਅਤੇ ਆਗੂ ਪੱਬਾਂ ਭਾਰ: ਚੇਅਰਮੈਨ ਗੁਰਵੰਤ ਸਿੰਘ ਜੋਤੀ



ਪੱਟੀ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)– ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੀਆਂ ਲੋਕ ਪੱਖੀ ਅਤੇ ਲੋਕ ਹਿੱਤ ਨੀਤੀਆਂ ਤੋਂ ਖੁਸ਼ ਹਨ। ਇਸ ਲਈ ਪੱਟੀ ਹਲਕੇ ਤੋਂ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ, ਆਗੂ ਅਤੇ ਹਲਕਾ ਨਿਵਾਸੀ ਮੋਗਾ ਦੇ ਪਿੰਡ ਮਟਵਾਣੀ ਵਿਖੇ 26 ਨਵੰਬਰ ਨੂੰ ਹੋ ਰਹੀ 'ਖੁਸ਼ਹਾਲ ਪੰਜਾਬ ਰੈਲੀ' ਵਿੱਚ ਪਹੁੰਚ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਪੱਟੀ ਤੋਂ ਉਮੀਦਵਾਰ ਅਤੇ ਹਲਕਾ ਇੰਚਾਰਜ ਜਸਕੰਵਰ ਸਿੰਘ ਗਿੱਲ ਜੱਸਾ ਪੱਟੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਇਹ ਮੋਗਾ ਵਿਖੇ ਹੋ ਰਹੀ ਰੈਲੀ ਪੰਜਾਬ ਦੇ ਇਤਿਹਾਸ ਵਿੱਚ ਸਭ ਤੋਂ ਵੱਡੀ ਰੈਲੀ ਉਹ ਨਿਬੜੇਗੀ ਕਿਉਂਕਿ ਇੱਥੇ ਲਗਭਗ 116 ਏਕੜ ਦੇ ਵਿਸ਼ਾਲ ਰਕਬੇ ਵਿੱਚ ਪੰਡਾਲ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਲੱਖਾਂ ਦੀ ਗਿਣਤੀ ਵਿੱਚ ਲੋਕ ਸ਼ਾਮਿਲ ਹੋਣਗੇ। ਉਹਨਾਂ ਦੱਸਿਆ ਕਿ ਇਸ ਮਹਾਂ ਰੈਲੀ ਵਿੱਚ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ, ਪੰਜਾਬ ਵਿੱਚ 2027 ਵਿੱਚ ਹੋਣ ਜਾ ਰਹੀਆਂ ਚੋਣਾਂ ਲਈ ਚੋਣ ਮੁਹਿੰਮ ਦਾ ਆਗਾਜ਼ ਵੀ ਕਰਨਗੇ ਅਤੇ ਪਿਛਲੇ ਪੰਜਾਂ ਸਾਲਾਂ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਪੰਜਾਬ ਦੇ ਲੋਕਾਂ ਸਾਹਮਣੇ ਰੱਖਣਗੇ। ਇਸ ਮੌਕੇ ਮਾਰਕੀਟ ਕਮੇਟੀ ਪੱਟੀ ਦੇ ਚੇਅਰਮੈਨ ਗੁਰਵੰਤ ਸਿੰਘ ਜੋਤੀਸ਼ਾਹ ਨੇ ਕਿਹਾ ਕਿ ਪੱਟੀ ਹਲਕੇ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਹਲਕਾ ਇੰਚਾਰਜ ਜਸਕੰਵਰ ਸਿੰਘ ਜੱਸਾ ਪੱਟੀ ਦੀ ਅਗਵਾਈ ਵਿੱਚ ਮੋਗਾ ਰੈਲੀ ਵਿੱਚ ਜਾਣ ਲਈ ਪੱਬਾਂ ਭਾਰ ਹਨ, ਕਿਉਂਕਿ ਇਸ ਖੁਸ਼ਹਾਲ ਪੰਜਾਬ ਰੈਲੀ ਵਿੱਚ ਉਹ ਆਪਣੇ ਮਹਿਬੂਬ ਨੇਤਾਵਾਂ ਨੂੰ ਸੁਣਨਗੇ ਅਤੇ ਮਿਲਣਗੇ। ਇਸ ਮੌਕੇ ਉਨਾਂ ਦੱਸਿਆ ਕਿ ਸਮੁੱਚੇ ਪੰਜਾਬ ਵਾਸੀਆਂ ਨੂੰ ਜਿੱਥੇ ਬਿਨਾਂ ਕਿਸੇ ਭੇਦਭਾਵ ਅਤੇ ਬਿਨਾ ਰਾਖਵੇਂਕਰਨ ਬਿਜਲੀ ਦੀ ਸਹੂਲਤ, ਔਰਤਾਂ ਲਈ ਬੱਸ ਸਫਰ ਦੀ ਸਹੂਲਤ, ਲੋੜਵੰਦ ਲੋਕਾਂ ਲਈ ਕਣਕ ਅਤੇ ਰਾਸ਼ਨ ਕਿਟਾਂ, ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਾਲੀ ਸਹਾਇਤਾ ਕੀਤੀ ਜਾ ਰਹੀ ਹੈ। ਇਸ ਮੌਕੇ ਉਹਨਾਂ ਦੱਸਿਆ ਕਿ ਜਸਕੰਵਰ ਸਿੰਘ ਜੱਸਾ ਪੱਟੀ ਦੀ ਅਗਵਾਈ ਵਿੱਚ ਪੱਟੀ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਦੀਆਂ 19 ਵਾਰਡਾਂ ਵਿੱਚ ਸਰਪੰਚਾਂ, ਪੰਚਾਂ, ਬਲਾਕ ਪ੍ਰਧਾਨਾਂ, ਕੌਂਸਲਰਾਂ, ਵਾਰਡ ਇੰਚਾਰਜ ਅਤੇ ਆਮ ਆਦਮੀ ਪਾਰਟੀ ਦੇ ਮੋਹਤਬਰ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਤਾਂ ਜੋ 26 ਨਵੰਬਰ ਨੂੰ ਮੋਗਾ ਵਿਖੇ ਹੋ ਰਹੀ 'ਪੰਜਾਬ ਖੁਸ਼ਹਾਲ ਰੈਲੀ' ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਹੋ ਸਕੇ।

ਸੀਐਚਸੀ ਕੈਰੋਂ ਅਧੀਨ ਆਉਂਦੇ ਪਲਸ ਪੋਲੀਓ ਮੁਹਿੰਮ ਦੇ ਤੀਜੇ ਦਿਨ

ਕੁੱਲ 11678 ਬੱਚਿਆਂ ਅਤੇ ਕੁੱਲ 14,159 ਘਰਾਂ ਵਿੱਚ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ





ਪੱਟੀ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)–ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਵੱਲੋਂ ਮਿਲੀਆਂ ਹਦਾਇਤਾਂ ਮੁਤਾਬਕ ਅਤੇ ਐਸਐਮਓ ਕੈਰੋ ਡਾਕਟਰ ਜਤਿੰਦਰ ਪਾਲ ਸਿੰਘ ਦੀ ਯੋਗ ਅਗਵਾਈ ਵਿੱਚ ਸੀਐਚਸੀ ਕੈਰੋ ਦੇ ਅਧੀਨ ਆਉਂਦੇ ਵੱਖ ਵੱਖ 56 ਪਿੰਡਾਂ ਵਿੱਚ ਪਲਸ ਪੋਲੀਓ ਰਾਊਂਡ ਕਰਵਾਇਆ ਗਿਆ। ਇਸ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਐਸਐਮਓ ਕੈਰੋ ਡਾਕਟਰ ਜਤਿੰਦਰ ਪਾਲ ਸਿੰਘ ਵੱਲੋਂ ਦੱਸਿਆ ਗਿਆ ਕਿ ਇਸ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਸਿਵਲ ਸਰਜਨ ਡਾਕਟਰ ਸੰਦੀਪ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰ ਪਾਲ ਕੌਰ ਵੱਲੋਂ ਸੀ ਐਚ ਸੀ ਕੈਰੋਂ ਦੇ ਹਾਈ ਰਿਸਕ ਏਰੀਏ ਵਿੱਚ ਚੈਕਿੰਗ ਕੀਤੀ ਗਈ। ਪਲਸ ਪੋਲੀਓ ਮੁਹਿੰਮ ਦੇ ਅੱਜ ਤੀਜੇ ਦਿਨ ਕੁੱਲ 11678 ਬੱਚਿਆਂ ਅਤੇ ਕੁੱਲ 14,159 ਘਰਾਂ ਵਿੱਚ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲੀਆਂ ਦੀਆਂ ਬੂੰਦਾਂ ਪਿਲਾ ਦਿੱਤੀਆਂ ਗਈਆਂ। ਇਸ ਮੁਹਿੰਮ ਨੂੰ ਚਲਾਉਣ ਲਈ 71 ਟੀਮਾਂ ਅਤੇ ਚਾਰ ਟਰਾਂਜਿਟ ਟੀਮਾਂ ਅਤੇ ਦੋ ਮੋਬਾਇਲ ਟੀਮਾਂ ਦਾ ਗਠਿਤ ਕੀਤਾ ਗਿਆ ਸੀ। ਇਨਾਂ ਟੀਮਾਂ ਦੀ ਸੁਪਰਵਿਜ਼ਨ ਕਰਨ ਲਈ ਕੁੱਲ 13 ਸੁਪਰਵਾਈਜ਼ਰ ਅਤੇ ਇੱਕ ਨੋਡਲ ਅਫਸਰ ਨਿਯੁਕਤ ਕੀਤਾ ਗਿਆ। ਨੋਡਲ ਅਫਸਰ ਡਾਕਟਰ ਰਮਨਦੀਪ ਪਨਵਰ ਵੱਲੋਂ ਦੱਸਿਆ ਗਿਆ ਕਿ ਇਸ ਮੁਹਿੰਮ ਵਿੱਚ ਪਹਿਲੇ ਦਿਨ ਬੂਥਾਂ ਉੱਪਰ ਬੈਠ ਕੇ ਅਤੇ ਅਗਲੇ ਦੋ ਦਿਨ ਘਰਾਂ ਵਿੱਚ ਜਾ ਕੇ ਬੱਚਿਆਂ ਨੂੰ ਬੂੰਦਾਂ ਪਿਲਾ ਕੇ ਇਹ ਟੀਚਾ ਪੂਰਾ ਕੀਤਾ ਗਿਆ। ਸਿਵਲ ਸਰਜਨ ਦਫਤਰ ਤਰਨ ਤਾਰਨ ਵੱਲੋਂ ਵਿਸ਼ੇਸ਼ ਤੌਰ 'ਤੇ ਡਾਕਟਰ ਮਨਪ੍ਰੀਤ ਕੌਰ ਅਤੇ ਜਸਪਿੰਦਰ ਸਿੰਘ ਵੱਲੋਂ ਇਸ ਮੁਹਿੰਮ ਸਬੰਧੀ ਸੀ ਐਚ ਸੀ ਕੈਰੋਂ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਚੈਕਿੰਗ ਕੀਤੀ ਗਈ। ਇਸ ਮੌਕੇ ਬੀ ਈ ਈ ਸ਼ੇਰ ਸਿੰਘ ਵੱਲੋਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਅਜੇ ਵੀ ਗਵਾਂਢੀ ਦੇਸ਼ਾਂ ਵਿੱਚ ਪੋਲੀਓ ਦੇ ਕੇਸ ਨਿਕਲ ਰਹੇ ਹਨ। ਇਸ ਲਈ ਸਾਨੂੰ ਇਹੋ ਜਿਹੀਆਂ ਮੁਹਿੰਮ ਵਿੱਚ ਵੱਧ ਚੜ ਕੇ ਸਹਿਯੋਗ ਕਰਨਾ ਚਾਹੀਦਾ ਹੈ। ਤਾਂ ਜੋ ਇਸ ਨਾਮੁਰਾਦ ਬਿਮਾਰੀ ਤੋਂ ਹਮੇਸ਼ਾ ਲਈ ਸਾਨੂੰ ਨਿਜਾਤ ਮਿਲ ਸਕੇ। ਇਸ ਮੌਕੇ ਨੋਡਲ ਅਫਸਰ ਡਾਕਟਰ ਰਮਨਦੀਪ ਪਨਵਰ, ਡਾਕਟਰ ਪ੍ਰੀਤ ਕਮਲ, ਡਾਕਟਰ ਕੇ ਪੀ ਸਿੰਘ, ਸ਼ੇਰ ਸਿੰਘ ਬੀ ਈ, ਕਵਲਜੀਤ ਕੌਰ ਨਰਸਿੰਗ ਸਿਸਟਰ, ਬਲਜੀਤ ਕੌਰ ਨਰਸਿੰਗ ਸਿਸਟਰ, ਕੁਲਦੀਪ ਕੌਰ ਚੀਫ ਫਾਰਮੇਸੀ ਅਫਸਰ, ਅਰਵਿੰਦਰ ਸਿੰਘ ਅਪਥਲਮਿਕ ਆਫਿਸਰ, ਅਮਰਜੀਤ ਸਿੰਘ ਭੁੱਲਰ ਹੈਲਥ ਇੰਸਪੈਕਟਰ, ਤਜਿੰਦਰ ਸਿੰਘ ਹੈਲਥ ਇੰਸਪੈਕਟਰ, ਦਿਲਬਾਗ ਸਿੰਘ ਹੈਲਥ ਇੰਸਪੈਕਟਰ, ਪੁਸ਼ਪਿੰਦਰ ਸਿੰਘ ਫਾਰਮੇਸੀ ਅਫਸਰ, ਧਰਮਿੰਦਰ ਸਿੰਘ ਐਮ ਐਲ ਟੀ, ਸ਼੍ਰੀਮਤੀ ਮਲਵਿੰਦਰ ਕੌਰ ਐਲਐਚਵੀ, ਸ਼੍ਰੀਮਤੀ ਜਗਦੀਪ ਕੌਰ ਐਲ ਐਚ ਵੀ ਹਾਜਰ ਸਨ।

ਪਿੰਡ ਖੈਰਦੀਨਕੇ ਵਿਖੇ ਗੁਰਦੁਆਰਾ ਧੰਨ ਧੰਨ ਬਾਬਾ ਜੀਵਨ ਸਿੰਘ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

ਸਰਾਏ ਅਮਾਨਤ ਖਾਂ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)–ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਸਵੇਰੇ ਪਹਿਲਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਕੀਰਤਨ ਵੀ ਕੀਤਾ ਗਿਆ ਅੱਜ ਪਿੰਡ ਖੈਰਦੀਨਕੇ ਤੋਂ ਗੁਰਦੁਆਰਾ ਧੰਨ ਧੰਨ ਬਾਬਾ ਜੀਵਨ ਸਿੰਘ ਤੋਂ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਚ ਸਜਾਇਆ ਗਿਆ ਨਗਰ ਕੀਰਤਨ ਦਾ ਵੱਖ ਵੱਖ ਥਾਵਾਂ 'ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਉਣ ਤੋਂ ਇਲਾਵਾ ਚਾਹ, ਪਕੌੜੇ, ਕੋਫੀ ਤੇ ਹੋਰ ਵੀ ਕਈ ਤਰ੍ਹਾਂ ਦੇ ਲੰਗਰ ਵਰਤਾਏ ਗਏ। ਨਗਰ ਕੀਰਤਨ ਗੁਰਦੁਆਰਾ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਪਿੰਡ ਖੈਰਦੀਨਕੇ ਤੋਂ ਸ਼ੁਰੂ ਹੋ ਕੇ ਵੱਖ ਵੱਖ ਥਾਵਾਂ ਤੋਂ ਹੁੰਦਾ ਹੋਇਆ ਵਾਪਸ ਸ਼ਾਮ ਨੂੰ ਗੁਰਦੁਆਰਾ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਵਿਖੇ ਪਹੁੰਚਿਆਂ ਇਸ ਤੋਂ ਇਲਾਵਾ ਨਗਰ ਕੀਰਤਨ ਵਿੱਚ ਸਮੂਹ ਨਗਰ ਵਾਸੀ ਤੇ ਸੰਗਤਾਂ ਹਾਜ਼ਰ ਸਨ

ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਗੁਰਪੁਰਬ ਤੇ ਅਤੇ ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਨੂੰ ਸਮਰਪਿਤ ਸਮਾਗਮ 23 ਤੋਂ ਸ਼ੁਰੂ ਹੋਏ ਤੇ 5 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਡਿਰੋਜ਼ਪੁਰ, 24 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਗੁਰਪੁਰਬ ਅਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਨੂੰ ਸਮਰਪਿਤ ਸਮਾਗਮ ਜੋ ਕਿ 23 ਤੋਂ 29 ਨਵੰਬਰ ਤੱਕ ਚਲ ਰਹੇ ਹਨ ਅੱਜ ਦੇ 5 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਦੂਸਰੀ ਲੜੀ ਆਰੰਭ ਹੋਈ। ਇਸ ਮੌਕੇ ਤੇ ਭਾਈ ਦਿਲਬਾਗ ਸਿੰਘ ਸੰਗਰੂਰ ਵਾਲਿਆਂ ਨੇ ਕਥਾ ਕੀਰਤਨ ਕੀਤਾ ਅਤੇ ਬਾਬਾ ਮਨਪ੍ਰੀਤ ਸਿਘ ਜੀ ਅਲੀਪੁਰ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਬਾਬੇ ਕੇ ਹੋਕਲੀ, ਬਰਮਿੰਘਮ ਯੂ.ਕੇ ਦੇ ਮੁੱਖ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਆਏ ਹੋਏ ਮਹਾਂਪੁਰਖਾਂ ਨੂੰ ਜੀ ਆਇਆ ਆਖਿਆ ਅਤੇ ਕਿਹਾ ਕਿ ਇਨ੍ਹਾਂ ਸਮਾਗਮਾਂ ਦੀਆਂ ਇੰਗਲੈਂਡ ਦੀਆਂ ਸੰਗਤਾਂ ਵਿਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਤੇ ਦੇਸ਼ ਵਿਦੇਸ਼ ਤੋਂ ਸੰਗਤਾਂ ਮਹਾਂਪੁਰਖ ਪਹੁੰਚ ਰਹੇ ਹਨ।

ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮੱਘਰ ਦੀ ਪੂਰਨਮਾਸੀ ਦਾ ਦਿਹਾੜਾ ਤੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਨਾਲ ਮਨਾਇਆ



ਡਿਰੋਜ਼ਪੁਰ, 24 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਮੱਘਰ ਦੀ ਪੂਰਨਮਾਸੀ ਦਾ ਦਿਹਾੜਾ ਅਤੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਸੁਰੀਲੀ ਬਾਣੀ ਨਾਲ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਿਹਾ ਕਿ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਸਾਰੀ ਦੁਨੀਆਂ ਦੇ ਸਾਂਝੇ ਰਹਿਬਰ ਤੇ ਸਰਬ ਸਾਂਝੀਵਾਲਤਾ ਦਾ ਸੁਨੇਹਾ ਦੇਣ ਵਾਲੇ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੂਰਬ ਦੀਆਂ ਸਮੂਹ ਸੰਗਤਾਂ ਨੂੰ ਬਹੁਤ ਵਧਾਈਆਂ। ਇਸ ਮੌਕੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਵੀ ਕਥਾ ਕੀਤੀ ਅਤੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਅਾਵਾਜ਼ਿ ਕੌਮ

+447458381111 +447976210161 +919729091243